SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | Vol 23* Issue 170 | Monday, 16 September 2024 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' *Online*ਰੋਜ਼ਾਨਾ ਪੜ੍ਹ ਸਕਦੇ ਹੋ

## ਟੋਰਾਂਟੋ ਦਾ ਨਵਾਂ ਪਾਰਕ ਲੇਸਲੀ ਲੁਕਆਊਟ ਲੋਕਾਂ ਲਈ ਖੁੱਲ੍ਹਿਆ, ਮੇਅਰ ਓਲੀਵੀਆ ਚਾਓ ਨੇ ਕੀਤਾ ਉਦਘਾਟਨ





ਟੋਰਾਂਟੋ, 15 ਸਤੰਬਰ (ਪੋਸਟ ਬਿਊਰੋ): ਟੋਰਾਂਟੋ ਦਾ ਨਵਾਂ ਪਾਰਕ ਆਧਿਕਾਰਿਕ ਤੌਰ 'ਤੇ ਲੋਕਾਂ ਲਈ ਖੁੱਲ੍ਹ ਗਿਆ ਹੈ । ਸ਼ਨੀਵਾਰ ਨੂੰ ਮੇਅਰ ਓਲੀਵੀਆ ਚਾਓ ਅਤੇ ਸ਼ਹਿਰ ਦੇ ਹੋਰ ਅਧਿਕਾਰੀ ਲੇਸਲੀ ਲੁਕਆਊਟ ਪਾਰਕ ਦੇ ਉਦਘਾਟਨ ਦਾ ਜਸ਼ਨ ਮਨਾਣ ਲਈ ਪਹੁੰਚੇ। ਇਹ ਪਾਰਕ ਟਾਮੀ ਥਾਂਪਸਨ ਪਾਰਕ ਦੇ ਪ੍ਰਵੇਸ਼ ਦੁਆਰ ਕੋਲ ਮਾਰਟਿਨ ਗੁਡਮੈਨ ਟਰੇਲ 'ਤੇ ਸਥਿਤ ਹੈ।

ਸਿਟੀ ਆਫ ਟੋਰਾਂਟੋ ਨੇ ਕਿਹਾ ਕਿ ਪਾਰਕ ਵਿੱਚ ਇੱਕ ਆਰਟੀਫੀਸ਼ਲ ਪਬਲਿਕ ਬੀਚ ਅਤੇ 12 ਲੇਸਲੀ ਸਟਰੀਟ 'ਤੇ 1.9 ਏਕੜ ਦਾ ਖੁੱਲ੍ਹਾ ਸਥਾਨ ਹੈ ਜੋ ਲੋਕਾਂ ਨੂੰ ਸ਼ਿਪਿੰਗ ਚੈਨਲ ਦੀ ਪੂਰੀ ਲੰਬਾਈ ਦੇ ਦ੍ਰਿਸ਼ਾਂ ਨਾਲ ਪਾਣੀ ਦੇ ਕੰਡੇ ਨਾਲ ਜੋੜਦਾ ਹੈ। ਪਾਰਕ ਵਿੱਚ ਡਾਊਨਟਾਊਨ ਕੋਰ ਦੇ ਪੱਛਮ ਵੱਲ ਮੂੰਹ ਕੀਤੇ ਹੋਏ ਦ੍ਰਿਸ਼ ਅਤੇ ਪੋਰਟ ਲੈਂਡਸ ਦੇ 360 ਡਿਗਰੀ ਦ੍ਰਿਸ਼ ਨਾਲ ਇੱਕ ਅਦਭੁਤ ਲੁਕਆਊਟ ਅਨੁਭਵ ਵੀ ਹੈ।

ਚਾਓ ਅਤੇ ਟੋਰਾਂਟੋ-ਡੈਨਫੋਰਥ ਕਾਊਂਸਿਲ ਪਾਉਲਾ ਫਲੇਚਰ ਨੇ ਕਿਹਾ ਕਿ ਲੇਸਲੀ ਲੁਕਆਊਟ ਪਾਰਕ ਤੇ ਆਕੇ ਲੋਕ ਸ਼ਾਮ ਦਾ ਆਨੰਦ ਲੈ ਸਕਦੇ ਹੋ ਅਤੇ ਰੁੱਖਾਂ ਨੂੰ ਵੇਖ ਸਕਦੇ ਹੋ। ਬੱਚੇ ਅਤੇ ਨੌਜਵਾਨ ਰੇਤ ਵਿੱਚ ਖੇਡ ਸਕਦੇ ਹਨ ਅਤੇ ਇੱਥੇ ਪਿਕਨਿਕ ਵੀ ਮਨਾ ਸਕਦੇ ਹਨ । ਪੂਰੇ ਸਾਲ ਇੱਥੇ ਕਲਾ ਅਤੇ ਖੇਡਾਂ ਦੋਵੇਂ ਤਰ੍ਹਾਂ ਦੇ ਪ੍ਰੋਗਰਾਮ ਹੋਣਗੇ।

ਉਨ੍ਹਾਂ ਕਿਹਾ ਕਿ ਇਹ ਇੱਕ ਉਦਯੋਗਿਕ ਬੰਜਰ ਜ਼ਮੀਨ ਹੁੰਦੀ ਸੀ। ਇੱਕ ਭਿਆਨਕ ਦਿਸਣ ਵਾਲੀ ਥਾਂ ਨੂੰ ਹੁਣ ਖੂਬਸੂਰਤ ਪਾਰਕ ਦੇ ਰੂਪ ਵਿਚ ਖੋਲ੍ਹਣ ਲਈ ਬਹੁਤ ਵਧੀਆ ਲੱਗ ਰਿਹਾ ਹੈ।

## ਏਅਰ ਕੈਨੇਡਾ ਅਤੇ ਪਾਇਲਟਾਂ ਵਿਚਕਾਰ ਹੋਇਆ ਅਸਥਾਈ ਸਮਝੌਤਾ, ਹੜਤਾਲ ਦੀ ਸੰਭਾਵਨਾ ਟਲੀ





ਓਟਵਾ, 15 ਸਤੰਬਰ (ਪੋਸਟ ਬਿਊਰੋ): ਕੈਨੇਡਾ ਦੀ ਸਭਤੋਂ ਵੱਡੀ ਏਅਰਲਾਈਨ 'ਤੇ ਉਡਾਨ ਭਰਨ ਦੀ ਯੋਜਨਾ ਬਣਾ ਰਹੇ ਮੁਸਾਫਰਾਂ ਲਈ ਰਾਹਤ ਮਿਲੀ ਹੈ। ਏਅਰ ਕੈਨੇਡਾ ਨੇ ਐਤਵਾਰ ਨੂੰ ਕਿਹਾ ਕਿ ਉਸਨੇ ਆਪਣੇ 5,200 ਤੋਂ ਜ਼ਿਆਦਾ ਪਾਇਲਟਾਂ ਦੀ ਤਰਜ਼ਮਾਨੀ ਕਰਨ ਵਾਲੀ ਯੂਨੀਅਨ ਨਾਲ ਇੱਕ ਅਸਥਾਈ ਸਮਝੌਤਾ ਕੀਤਾ ਹੈ। ਜਿਸ ਨਾਲ ਫਿਲਹਾਲ ਹੜਤਾਲ ਦੀ ਸੰਭਾਵਨਾ ਟਲ ਗਈ ਹੈ।

ਏਅਰਲਾਈਨ ਪਾਇਲਟ ਐਸੋਸੀਏਸ਼ਨ ਨਾਲ ਸਮਝੌਤੇ ਦੀ ਖਬਰ ਐਤਵਾਰ ਨੂੰ ਅੱਧੀ ਰਾਤ ਤੋਂ ਬਾਅਦ ਆਈ, ਜਦੋਂ ਏਅਰਲਾਈਨ ਨੇ ਏਅਰ ਕੈਨੇਡਾ ਅਤੇ ਏਅਰ ਕੈਨੇਡਾ ਰੂਜ ਲਈ ਸੰਭਾਵੀ ਕੰਮ ਠੱਪ ਹੋਣ ਤੋਂ ਕੁਝ ਦਿਨ ਪਹਿਲਾਂ ਇੱਕ ਪ੍ਰੈੱਸ ਰਿਲੀਜ਼ ਜਾਰੀ ਕੀਤਾ।

ਅਸਥਾਈ ਸਮਝੌਤੇ ਨਾਲ ਬੁੱਧਵਾਰ ਨੂੰ ਸ਼ੁਰੂ ਹੋਣ ਵਾਲੀ ਹੜਤਾਲ ਜਾਂ ਤਾਲਾਬੰਦੀ ਟਲ ਗਈ, ਜਿਸ ਨਾਲ ਪਹਿਲਾਂ ਉਡਾਨਾਂ ਰੱਦ ਹੋਣ ਦੀ ਉਮੀਦ ਸੀ।

## ਬਰਨਬੀ ਵਿੱਚ 19 ਸਾਲਾ ਲੜਕੇ ਦੀ ਮੌਤ ਦੇ ਮਾਮਲੇ ਵਿੱਚ 4 ਗ੍ਰਿਫਤਾਰ



ਵੈਨਕੂਵਰ, 15 ਸਤੰਬਰ (ਪੋਸਟ ਬਿਊਰੋ): ਘਰ ਵਿੱਚ ਪ੍ਰਵੇਸ਼ ਦੇ ਦੌਰਾਨ ਬਰਨਬੀ ਦੇ ਇੱਕ ਲੜਕੇ ਦੇ ਕਤਲ ਤੋਂ ਇੱਕ ਸਾਲ ਤੋਂ ਜ਼ਿਆਦਾ ਸਮੇਂ ਬਾਅਦ ਚਾਰ ਸ਼ੱਕੀ ਲੋਕਾਂ ਖਿਲਾਫ ਦੋਸ਼ ਲਗਾਏ ਗਏ ਹਨ।

ਬਰਨਬੀ RCMP ਨੂੰ 29 ਜੂਨ, 2023 ਦੀ ਸਵੇਰ ਘਰ ਵਿੱਚ ਘੁਸਪੈਠ ਦੀ ਰਿਪੋਰਟ ਲਈ 17 ਏਵੇਨਿਊ ਦੇ 7600 ਬਲਾਕ ਵਿੱਚ ਬੁਲ-ਾਇਆ ਗਿਆ ਸੀ। ...ਬਾਕੀ ਪੰਨਾ 2 'ਤੇ

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients


MagGas Medical Brampton
MGM
MAGGAS MEDICAL INC.
Helping you breathe deep and rest easy.
- CPAP ਮਸ਼ੀਨ, ਮਾਸਕ ਅਤੇ ਸਪਲਾਈ
- ਮੁਫ਼ਤ ਸਲਾਹ
- ਓਨਟਾਰੀਓ ਡਿਸਏਬਿਲਿਟੀ ਸਪੋਰਟ ਪ੍ਰੋਗਰਾਮ ਲਈ
- ਓਨਟਾਰੀਓ ਵਰਕਸ ਲਈ ਮੁਫ਼ਤ
- ਮੁਫ਼ਤ ਡਿਲੀਵਰੀ
(647) 954-9885
20 Maritime Ont Blvd Unit 15
Brampton, ON L6S 0C2

ਨਵਾਂ ਘਾਹ ਲਵਾਉ
647-784-1213
www.aaalandscaping.ca
1. ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2. ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3. ਨਵਾਂ ਘਾਹ ਲਵਾਉ
4. ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

Canada Consumer Credit Assistance ਕਰਜ਼ਾ ਰਹਿਤ ਜਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

MANN LAW FIRM
- Real Estate Law
- Wills & Estates
- Power of Attorney
- Affidavits Notarization / Declaration
- Business Law
- Family Law
- Civil Litigation
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

Residential Commercial Industrial
Specialist in Bedbugs Service
All Pest Control :
- Mouse & Rats
- Cockroaches
- Spiders & Fleas
- Carpenter Ants
- Bedbugs
- Silver Fish
- Wasps
- Racoons
Call : PARESH PATEL
(Government Approved Licensed Technician)
416 938 4598



# OPP ਨੇ ਨਸ਼ੇ ਵਿੱਚ ਟੱਲੀ ਦੋ ਡਰਾਈਵਰਾਂ ’ਤੇ ਲਗਾਏ ਚਾਰਜਿਜ਼

ਓਟਵਾ, 15 ਸਤੰਬਰ (ਪੋਸਟ ਬਿਊਰੋ): ਓਂਟਾਰੀਓ ਪ੍ਰੋਵਿਨਸ਼ੀਅਲ ਪੁਲਿਸ ਅਨੁਸਾਰ ਸ਼ਨੀਵਾਰ ਰਾਤ ਓਟਵਾ ਵਿੱਚ ਦੋ ਵੱਖ-ਵੱਖ ਘਟਨਾਵਾਂ ਵਿੱਚ ਨਸ਼ੇ ਵਿੱਚ ਗੱਡੀ ਚਲਾਉਂਦੇ ਹੋਏ ਫੜ੍ਹੇ ਜਾਣ ’ਤੇ ਦੋ ਡਰਾਈਵਰਾਂ ’ਤੇ ਚਾਰਜਿਜ਼ ਲਗਾਏ ਹਨ। ਇੱਕ ਘਟਨਾ ਮੂਡੀ ਡਰਾਈਵ ਕੋਲ ਹੋਈ, ਜਦੋਂਕਿ ਦੂਜੀ ਹੰਟ ਕਲੱਬ ਰੋਡ ਦੇ ਕੋਲ ਹੋਈ।

ਪਹਿਲੇ ਡਰਾਈਵਰ ਨੂੰ ਮੂਡੀ ਡਰਾਈਵ ਕੋਲ ਹਾਈਵੇ 417 ’ਤੇ ਤੇਜ਼ ਰਫ਼ਤਾਰ ਨਾਲ ਗੱਡੀ ਚਲਾਉਣ ਲਈ ਰਾਤ 11 ਵਜੇ ਦੇ ਲਗਭਗ ਰੋਕਿਆ ਗਿਆ ਸੀ। ਪੁਲਿਸ ਦਾ ਕਹਿਣਾ ਹੈ ਕਿ ਇਸ ਡਰਾਈਵਰ ਕੋਲ



ਜੀ2 ਲਾਈਸੈਂਸ ਸੀ ਅਤੇ ਸ਼ਰਾਬ ਦੇ ਨਸ਼ੇ ਵਿੱਚ ਹੋਣ ਦੀ ਪੁਸ਼ਟੀ ਹੋਈ ਸੀ।

ਦੂਜੇ ਡਰਾਈਵਰ ਨੂੰ ਉਦੋਂ ਫੜ੍ਹਿਆ ਗਿਆ ਜਦੋਂ ਪੁਲਿਸ ਹੰਟ ਕਲੱਬ ਰੋਡ ਕੋਲ ਹਾਈਵੇ 416 ’ਤੇ ਦੋ ਵਾਹਨਾਂ ਦੀ ਟੱਕਰ ਦੀ ਸੂਚਨਾ ਦੇ ਰਹੀ ਸੀ। ਜਵਾਬ ਦੇਣ ਵਾਲੇ ਅਧਿਕਾਰੀਆਂ ਨੇ ਪਾਇਆ ਕਿ ਇਸ ਵਿੱਚ ਸ਼ਾਮਿਲ ਡਰਾਈਵਰਾਂ ਵਿੱਚੋਂ ਇੱਕ ਸ਼ਰਾਬ ਦੇ ਨਸ਼ੇ ਵਿੱਚ ਸੀ।

ਦੋਨਾਂ ਡਰਾਈਵਰਾਂ ਨੂੰ 90 ਦਿਨ ਦਾ ਡਰਾਈਵਿੰਗ ਮੁਅੱਤਲ ਕਰ ਦਿੱਤਾ ਗਿਆ ਅਤੇ ਸੱਤ ਦਿਨ ਲਈ ਵਾਹਨ ਜ਼ਬਤ ਕੀਤਾ ਗਿਆ ਹੈ। ਉਨ੍ਹਾਂ ਨੂੰ ਅਕਤੂਬਰ ਵਿੱਚ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ।

## ਬਰਨਬੀ ਵਿੱਚ 19 ਸਾਲਾ ਲੜਕੇ ਦੀ ਮੌਤ ਦੇ ਮਾਮਲੇ ਵਿੱਚ 4 ਗ੍ਰਿਫ਼ਤਾਰ

ਪੰਨਾ 1 ਦਾ ਬਾਕੀ

ਪੁਲਿਸ ਅਨੁਸਾਰ 19 ਸਾਲਾ ਰਿਆਨ ਨੇਗੀ ਨੂੰ ਜ਼ਖਮੀ ਹਾਲਤ ਵਿਚ ਪਾਇਆ ਗਿਆ ਜਿਸ ਕਾਰਨ ਉਸਦੀ ਘਟਨਾ ਸਥਾਨ ’ਤੇ ਹੀ ਮੌਤ ਹੋ ਗਈ। ਇੱਕ ਹੋਰ ਔਰਤ ਨੂੰ ਜ਼ਖਮੀ ਹਾਲਤ ਵਿਚ ਪਾਇਆ ਗਿਆ ਸੀ।

ਸ਼ਨੀਵਾਰ ਨੂੰ ਜਾਂਚ ਟੀਮ ਨੇ ਦੱਸਿਆ ਕਿ ਬੀਸੀ ਪ੍ਰੋਸੀਕਿਊਸ਼ਨ ਸਰਵਿਸ ਨੇ ਚਾਰ ਲੋਕਾਂ ਖਿਲਾਫ ਕਤਲ ਅਤੇ ਜ਼ਬਰਨ ਬੰਧਕ ਬਣਾਉਣ ਦੇ ਦੋਸ਼ਾਂ ਨੂੰ ਮਨਜ਼ੂਰੀ ਦੇ ਦਿੱਤੀ ਹੈ। ਉਹ ਲੋਕ ਹਨ 20 ਸਾਲਾ ਅਲੀ ਸ਼ਮਖੀ, 23 ਸਾਲਾ ਰੋਡਾ ਡਾਇਬਿਕੁ-ਲੁ, 20 ਸਾਲਾ ਓਸਮੈਨ ਕਇਟਾ ਅਤੇ 20 ਸਾਲਾ ਰਈਸ ਉਸਮਾਨ ਹੈ।

IHIT ਦਾ ਕਹਿਣਾ ਹੈ ਕਿ ਚਾਰਾਂ ਸ਼ੱਕੀਆਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ ਅਤੇ ਉਹ ਆਪਣੀ ਪਹਿਲੀ ਅਦਾਲਤੀ ਪੇਸ਼ੀ ਤੱਕ ਹਿਰਾਸਤ ਵਿੱਚ ਰਹਿਣਗੇ।

## ਐਡਮਿੰਟਨ ਪੁਲਿਸ ਵੱਲੋਂ 1.2 ਮਿਲੀਅਨ ਡਾਲਰ ਤੋਂ ਵੱਧ ਦੇ ਨਸ਼ੀਲੇ ਪਦਾਰਥ ਅਤੇ ਪੰਜ ਹੈਂਡਗੀਨਜ਼ ਅਤੇ ਚਾਰ ਗੱਡੀਆਂ ਜ਼ਬਤ



ਐਡਮਿੰਟਨ, 15 ਸਤੰਬਰ (ਪੋਸਟ ਬਿਊਰੋ): ਲੰਘੇ ਸ਼ੁੱਕਰਵਾਰ ਐਡਮਿੰਟਨ ਪੁਲਿਸ ਨੇ ਕਿਹਾ ਕਿ ਦਸੰਬਰ ਵਿੱਚ ਸ਼ੁਰੂ ਹੋਈ ਸੈਂਟਰਲ ਐਡਮਿੰਟਨ ਵਿੱਚ ਵੱਡੇ ਪੱਧਰ ’ਤੇ ਡਰਗ ਜਾਂਚ ਵਿੱਚ 66 ਕਿੱਲੋਗ੍ਰਾਮ ਤੋਂ ਜ਼ਿਆਦਾ ਡਰਗਜ਼ ਜ਼ਬਤ ਕੀਤੀ ਗਈ ਹੈ।

ਜਾਂਚ ਦੌਰਾਨ ਪੁਲਿਸ ਨੂੰ ਤਿੰਨ ਲੋਕਾਂ ਬਾਰੇ ਪਤਾ ਲੱਗਾ ਜੋ ਅੰਤਰਰਾਜੀ ਡਰਗ ਤਸਕਰੀ ਵਿੱਚ ਸ਼ਾਮਿਲ ਸਨ। ਜਿਨ੍ਹਾਂ ਵਿੱਚ ਅਲਬਰਟਾ ਤੋਂ ਡਰਗਜ਼ ਲਿਆਉਣ ਅਤੇ ਉਨ੍ਹਾਂ ਨੂੰ ਸੈਂਟਰਲ ਐਡਮਿੰਟਨ ਵਿੱਚ ਵੰਡਣਾ ਸ਼ਾਮਿਲ ਸੀ।


ਜਾਂਚਕਰਤਾਵਾਂ ਦਾ ਮੰਨਣਾ ਹੈ ਕਿ ਡਰਗਜ਼ ਨੂੰ ਐਡਮਿੰਟਨ ਵਿੱਚ ਇੱਕ ਅਪਾਰਟਮੈਂਟ ਵਿੱਚ ਜਮ੍ਹਾਂ ਕੀਤਾ ਗਿਆ ਸੀ।

9 ਮਈ ਨੂੰ ਤਿੰਨ ਘਰਾਂ ਅਤੇ ਚਾਰ ਵਾਹਨਾਂ ਦੇ ਵਾਰੰਟ ਜਾਰੀ ਕੀਤੇ ਗਏ।

ਪੁਲਿਸ ਨੇ ਛਾਪੇ ਦੌਰਾਨ 55.7 ਕਿੱਲੋਗ੍ਰਾਮ ਮੇਥਾਮਫੇਟਾਮਾਇਨ, ਜਿਸਦੀ ਕੀਮਤ ਲੱਗਭੱਗ 250,650 ਡਾਲਰ ਹੈ। 8.7 ਕਿੱਲੋਗ੍ਰਾਮ ਕੋਕੀਨ, ਜਿਸਦੀ ਕੀਮਤ ਲੱਗਭੱਗ 696,000 ਡਾਲਰ ਹੈ, 2.5 ਕਿੱਲੋਗ੍ਰਾਮ ਫੇਂਟੇਨਾਇਲ, ਜਿਸਦੀ ਕੀਮਤ ਲੱਗਭੱਗ 300,000 ਡਾਲਰ, 83.5 ਗਰਾਮ ਹੇਰੋਇਨ, ਜਿਸਦੀ ਕੀਮਤ ਲੱਗਭੱਗ 28,400 ਡਾਲਰ,
20 ਕਿੱਲੋਗ੍ਰਾਮ ਬਫਿੰਗ ਏਜੰਟ, ਪੰਜ ਹੈਂਡਗੰਨ, ਜਿਨ੍ਹਾਂ ਵਿਚੋਂ ਤਿੰਨ ਲੋਡ ਸਨ ਅਤੇ ਜਿਨ੍ਹਾਂ ਵਿਚੋਂ ਦੋ ਉੱਤੇ ਸੀਰੀਅਲ ਨੰਬਰ ਖ਼ਰਾਬ ਸਨ। ਦੋ ਨੂੰ ਸਸਕੇ-ਚੇਵਾਨ ਅਤੇ ਅਲਬਰਟਾ ਵਿੱਚ ਚੋਰੀ ਹੋਣ ਦੀ ਵੀ ਸੂਚਨਾ ਮਿਲੀ ਸੀ, ਜਦੋਂਕਿ ਇੱਕ ਅਮਰੀਕਾ ਤੋਂ ਆਈ ਲਿਆਂਦੀ ਗਈ ਸੀ। ਪੁਲਿਸ ਨੇ ਚਾਰ ਗੱਡੀਆਂ ਅਤੇ ਵੱਖ-ਵੱਖ ਕਰੰਸੀ ਦੇ ਲੱਗਭੱਗ 20,000 ਡਾਲਰ ਵੀ ਜ਼ਬਤ ਕੀਤੇ ਹਨ।

ਤਿੰਨ ਲੋਕਾਂ ਖਿਲਾਫ ਕੁਲ 38 ਡਰਗ ਅਤੇ ਫਾਇਰਆਰਮਜ਼ ਦੇ ਚਾਰਜਿਜ਼ ਲਗਾਏ ਗਏ ਸਨ। ਸਟਾਫ ਸਾਰਜੇਂਟ ਡੇਵਿਡ ਪੈਟਨ ਨੇ ਵੀਰਵਾਰ ਨੂੰ ਦੱਸਿਆ ਕਿ ਇਹ ਈਪੀਐੱਸ ਦੇ ਇਤਿਹਾਸ ਵਿੱਚ ਸਭ ਤੋਂ ਵੱਡੀ ਖੇਪ ਹੈ।

## ਪੈਨਕ੍ਰੀਆਟਿਕ ਕੈਂਸਰ ਨਾਲ ਲੰਬੀ ਲੜਾਈ ਤੋਂ ਬਾਅਦ ਓਟਵਾ ਦੀ ਔਰਤ ਦਾ ਦਿਹਾਂਤ





ਓਟਵਾ, 15 ਸਤੰਬਰ (ਪੋਸਟ ਬਿਊਰੋ): ਸਿੰਡੀ ਹੂਪਰ ਜੋ ਓਟਵਾ ਦੀ ਵਾਸੀ ਸੀ, ਜਿਸਨੇ ਓਟਵਾ ਹਸਪਤਾਲ ਵਿੱਚ ਕੈਂਸਰ ਖੋਜ ਲਈ 500,000 ਡਾਲਰ ਤੋਂ ਜ਼ਿਆਦਾ ਦੀ ਰਾਸ਼ੀ ਜੁਟਾਈ ਸੀ, ਸ਼ੁੱਕਰਵਾਰ ਰਾਤ ਪੈਨਕ੍ਰੀਆਟਿਕ ਦੇ ਕੈਂਸਰ ਨਾਲ ਲੰਬੀ ਲੜਾਈ ਤੋਂ ਬਾਅਦ ਉਨ੍ਹਾਂ ਦਾ ਦਿਹਾਂਤ ਹੋ ਗਿਆ।

ਸਿੰਡੀ ਦੇ ਪਤੀ ਜੋਨਾਥਨ ਹੂਪਰ ਨੇ ਦੱਸਿਆ ਕਿ ਉਨ੍ਹਾਂ ਨੂੰ ਸਟੇਜ 4 ’ਤੇ ਪੈਨਕ੍ਰੀਆਟਿਕ ਕੈਂਸਰ ਦਾ ਪਤਾ



ਚੱਲਿਆ ਸੀ ਜੋ ਉਨ੍ਹਾਂ ਦੇ ਖੱਬੇ ਫੇਫੜੇ, ਰੀੜ੍ਹ ਅਤੇ ਪਸਲੀ ਤੱਕ ਵੀ ਫੈਲ ਗਿਆ ਸੀ।

ਸਿੰਡੀ ਨੂੰ ਇੱਕ ਟ੍ਰਾਇਥਲੀਟ ਅਤੇ ਮੈਰਾਥਨ ਧਾਵਕ ਦੇ ਰੂਪ ਵਿੱਚ ਯਾਦ ਕੀਤਾ ਜਾਂਦਾ ਹੈ। ਉਨ੍ਹਾਂ ਨੇ ਬੋਸਟਨ ਮੈਰਾਥਨ ਤਿੰਨ ਵਾਰ ਪੂਰੀ ਕੀਤੀ ਅਤੇ ਆਇਰਨਮੈਨ ਟ੍ਰਾਇਥਲਾਨ ਤਿੰਨ ਵਾਰ ਪੂਰਾ ਕੀਤਾ ਸੀ।

## ਮਿਸੀਸਾਗਾ ਵਿੱਚ ਕਾਰ ’ਚ ਔਰਤ ਨੂੰ ਲੱਗੀ ਗੋਲੀ, ਪੁਲਿਸ ਨੇ ਸ਼ੱਕੀ ਵਾਹਨ ਦੀਆਂ ਤਸਵੀਰਾਂ ਕੀਤੀਆਂ ਜਾਰੀ

ਟੋਰਾਂਟੋ, 15 ਸਤੰਬਰ (ਪੋਸਟ ਬਿਊਰੋ): ਮਿਸੀਸਾਗਾ ਵਿੱਚ ਇੱਕ ਤੀਵੀਂ ਨੂੰ ਕਾਰ ਵਿਚ ਗੋਲੀ ਲੱਗਣ ਤੋਂ ਬਾਅਦ ਪੀਲ ਰੀਜਨ ਪੁਲਿਸ ਨੇ ਵਾਹਨ ਦਾ ਪਤਾ ਲਗਾਉਣ ਲਈ ਲੋਕਾਂ ਤੋਂ ਮਦਦ ਮੰਗੀ ਹੈ।

ਇਹ ਘਟਨਾ 10 ਸਤੰਬਰ ਨੂੰ ਮਿਸੀਸਾਗਾ ਰੋਡ ਅਤੇ ਨਾਰਥ ਸ਼ੇਰੀਡਨ ਵੇਅ ਕੋਲ, ਕਵੀਨ ਏਲਿਜ਼ਾਬੇਥ ਵੇਅ (ਥਓਂ) ਦੇ ਉੱਤਰ ਵਿੱਚ ਹੋਈ। ਪੀਲ ਰੀਜਨ ਪੁਲਿਸ ਨੇ ਕਿਹਾ ਕਿ ਉਨ੍ਹਾਂ ਨੂੰ ਉਸ ਦਿਨ ਸਵੇਰੇ 4 ਵਜੇ ਦੇ ਆਸਪਾਸ ਹਾਲਤ ਬਾਰੇ ਸੂਚਨਾ ਮਿਲੀ ਸੀ।

ਉਨ੍ਹਾਂ ਨੇ ਕਿਹਾ ਕਿ ਪੀੜਿਤਾ ਜੋ 33 ਸਾਲਾ ਹੈ ਅਤੇ ਉਹ ਵਾਹਨ ਚਲਾ ਰਹੀ ਸੀ। ਉਹ ਹਸਪਤਾਲ ਵਿੱਚ ਦਾਖਲ ਹੈ। ਪੁਲਿਸ ਨੇ ਕਿਹਾ ਕਿ ਉਸ ਦੀ ਹਾਲਤ ਗੰਭੀਰ ਬਣੀ ਹੈ।

ਕਾਂਸਟੇਬਲ ਮਨਦੀਪ ਖਾਪਰਾ ਨੇ ਦੱਸਿਆ ਕਿ ਘਟਨਾ ਸਮੇਂ ਪੀੜਿਤਾ ਨਾਲ ਦੋ ਹੋਰ ਔਰਤਾਂ ਨਾਲ ਸਨ।

ਜਾਂਚਕਰਤਾਵਾਂ ਨੇ ਕਿਹਾ ਕਿ ਉਨ੍ਹਾਂ ਦਾ ਮੰਨਣਾ ਹੈ ਕਿ ਇਹ ਘਟਨਾ ਏਰਿਨ ਮਿਲਜ਼ ਪਾਰਕਵੇ ਦੇ ਪੂਰਵ ਵਿਚ ਮਿਸੀਸਾਗਾ ਰੋਡ ਅਤੇ ਹਾਈਰਿਵਰ ਕੋਰਟ ਕੋਲ ਹੋਈ। ਉਨ੍ਹਾਂ ਨੇ ਪਹਿਲਾਂ ਕਿਹਾ ਸੀ ਕਿ ਜਿਸ ਵਾਹਨ ਵਿੱਚ ਪੀੜਿਤਾ ਸਫ਼ਰ ਕਰ ਰਹੀ ਸੀ। ਸ਼ੱਕੀ ਕਿਸੇ ਹੋਰ ਵਾਹਨ ਵਿੱਚ ਘਟਨਾ ਸਥਾਨ ਤੋਂ ਭੱਜ ਗਏ।



ਪੀਆਰਪੀ ਦੇ 11 ਡਿਵੀਜ਼ਨ ਕ੍ਰੀਮੀਨਲ ਇੰਵੈਸਟੀਗੇਸ਼ਨ ਬਿਊਰੋ ਦੇ ਮੈਂਬਰਾਂ ਨੇ ਵਾਹਨ ਬਾਰੇ ਦੱਸਿਆ ਕਿ 2016 ਵਲੋਂ 2020 ਮਾਡਲ ਸਾਲ ਦੀ ਹੋਂਡਾ ਸਿਵਿਕ ਸੇਡਾਨ ਹੈ, ਜੋ ਸਪੋਰਟ ਟਰਿਮ, ਗੂੜੇ ਰੰਗ ਦੇ ਪਹੀਏ, ਇੱਕ ਸਨਰੂਫ ਅਤੇ ਗਰੇ ਰੰਗ ਦੀ ਹੈ। ਪੁਲਿਸ ਨੇ ਕਿਹਾ ਕਿ ਵਾਹਨ ਦੇ ਸਾਹਮਣੇ ਵਾਲੇ ਬੰਪਰ ’ਤੇ ਮਾਮੂਲੀ ਡੈਮਿਜ ਹੋ ਸਕਦਾ ਹੈ।

## ਮਿਸ ਸਵਿਟਜ਼ਰਲੈਂਡ ਫਾਈਨਲਿਸਟ ਦਾ ਪਤੀ ਹੀ ਨਿਕਲਿਆ ਉਸਦਾ ਕਾਤਲ, ਸਰੀਰ ਦੇ ਅੰਗਾਂ ਨੂੰ ਬਲੈਂਡਰ ਵਿੱਚ ਪੀਸਿਆ ਤੇ ਤੇਜ਼ਾਬ ਵਿੱਚ ਘੋਲ ਦਿੱਤਾ ਸੀ

ਬਰਨ, 15 ਸਤੰਬਰ (ਪੋਸਟ ਬਿਊਰੋ): ਮਿਸ ਸਵਿਟਜ਼ਰਲੈਂਡ ਦੀ ਫਾਈਨਲਿਸਟ ਕ੍ਰਿਸਟੀਨਾ ਜੋਕਸੀਮੋਵਿਚ ਦਾ ਉਸ ਦੇ ਪਤੀ ਥਾਮਸ ਨੇ ਕਤਲ ਕਰ ਦਿੱਤਾ ਸੀ। ਥਾਮਸ ਨੇ ਕ੍ਰਿਸਟੀਨਾ ਦੀ ਲਾਸ਼ ਦੇ ਕਈ ਟੁਕੜੇ ਕਰ ਦਿੱਤੇ ਸਨ। ਉਸਨੇ ਇਨ੍ਹਾਂ ਵਿੱਚੋਂ ਬਹੁਤ ਸਾਰੇ ਟੁਕੜਿਆਂ ਨੂੰ ਇੱਕ ਬਲੈਂਡਰ ਵਿੱਚ ਪੀਸਿਆ। ਇਸ ਨੂੰ ਛੁਪਾਉਣ ਲਈ ਉਸ ਨੇ ਤੇਜ਼ਾਬ ਦੇ ਘੋਲ ਵਿਚ ਮਿਲਾ ਦਿੱਤਾ ਸੀ। ਇਹ ਖੁਲਾਸਾ ਸਵਿਟਜ਼ਰਲੈਂਡ ਪੁਲਿਸ ਦੇ ਜਾਂਚ ਅਧਿਕਾਰੀਆਂ ਨੇ ਕੀਤਾ ਹੈ।

ਜਾਣਕਾਰੀ ਮੁਤਾਬਕ 38 ਸਾਲਾ ਮਾਡਲ ਕ੍ਰਿਸਟੀਨਾ ਦੀ ਇਸ ਸਾਲ 13 ਫਰਵਰੀ ਨੂੰ ਹੱਤਿਆ ਕਰ ਦਿੱਤੀ ਗਈ ਸੀ। ਕ੍ਰਿਸਟੀਨਾ ਦੀ ਲਾਸ਼ ਬਿਨਿੰਗੇਨ ਸ਼ਹਿਰ ਵਿੱਚ ਉਸਦੇ ਘਰ ਦੇ ਲਾਂਡਰੀ ਰੂਮ ਵਿੱਚ ਮਿਲੀ ਸੀ।

ਕਤਲ ਤੋਂ ਇੱਕ ਦਿਨ ਬਾਅਦ ਪੁਲਿਸ ਨੇ ਕ੍ਰਿਸਟੀਨਾ ਦੇ ਪਤੀ ਥਾਮਸ





(41) ਨੂੰ ਗ੍ਰਿਫਤਾਰ ਕੀਤਾ। ਥਾਮਸ ਨੇ ਮਾਰਚ ਵਿੱਚ ਆਪਣਾ ਦੋਸ਼ ਕਬੂਲ ਕੀਤਾ ਸੀ। ਥਾਮਸ ਨੇ ਫੈਡਰਲ ਅਦਾਲਤ ਵਿੱਚ ਜ਼ਮਾਨਤ ਲਈ ਪਟੀਸ਼ਨ ਪਾਈ ਸੀ, ਜਿਸ ਨੂੰ ਅਦਾਲਤ ਨੇ 11 ਸਤੰਬਰ ਨੂੰ ਰੱਦ ਕਰ ਦਿੱਤਾ ਸੀ।

ਦੋਸ਼ੀ ਥਾਮਸ ਨੇ ਪੁਲਸ ਨੂੰ ਦਿੱਤੇ ਆਪਣੇ ਬਿਆਨ 'ਚ ਕਿਹਾ ਕਿ ਮੈਂ ਆਤਮ ਰੱਖਿਆ 'ਚ ਕ੍ਰਿਸਟੀਨਾ ਦਾ ਕਤਲ ਕੀਤਾ ਹੈ। ਕ੍ਰਿਸਟੀਨਾ ਨੇ ਪਹਿਲਾਂ ਵੀ ਮੇਰੇ 'ਤੇ ਚਾਕੂ ਨਾਲ ਹਮਲਾ ਕੀਤਾ ਸੀ। ਇਸ ਤੋਂ ਬਾਅਦ ਮੈਂ ਸਵੈ-ਰੱਖਿਆ ਵਿੱਚ ਕ੍ਰਿਸਟੀਨਾ ਨੂੰ ਮਾਰ ਦਿੱਤਾ।

ਕ੍ਰਿਸਟੀਨਾ ਦੀ ਪੋਸਟਮਾਰਟਮ ਰਿਪੋਰਟ ਤੋਂ ਪਤਾ ਲੱਗਾ ਹੈ ਕਿ ਪਹਿਲਾਂ ਉਸ ਦਾ ਗਲਾ ਘੁੱਟ ਕੇ ਕਤਲ ਕੀਤਾ ਗਿਆ ਸੀ। ਥਾਮਸ ਨੇ ਆਪਣੇ ਇਕਬਾਲੀਆ ਬਿਆਨ ਵਿਚ ਇਹ ਗੱਲ ਕਬੂਲ ਕੀਤੀ ਹੈ। ਇਸ ਤੋਂ ਬਾਅਦ ਉਸ ਨੇ ਲਾਂਡਰੀ ਰੂਮ ਵਿੱਚ ਆਰੇ, ਚਾਕੂ ਅਤੇ ਪੌਦਿਆਂ ਦੀ ਛਟਾਈ ਲਈ ਵਰਤੀ ਜਾਂਦੀ ਕੈਂਚੀ ਦੀ ਮਦਦ ਨਾਲ ਕ੍ਰਿਸਟੀਨਾ ਦੀ ਲਾਸ਼ ਦੇ ਟੁਕੜੇ ਕਰ ਦਿੱਤੇ ਸਨ।

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

SherGill Law Firm
Barrister, Solicitor & Notary Public
Services:
- Real Estate
- Residential, Commercial & Franchise
- Criminal Law
- Family Law
- Affidavit, Power Of Attorney & Notarization
- Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

# ਸੀ.ਜੀ.ਸੀ. ਝੰਜੇੜੀ ਕੈਂਪਸ ਵੱਲੋਂ ਸਟੈਫੋਰਡਸ਼ਾਇਰ ਯੂਨੀਵਰਸਿਟੀ, ਯੂ.ਕੇ. ਨਾਲ ਕਰਾਰ

### ਅਕੈਡਮਿਕ, ਤਕਨਾਲੋਜੀ ਅਤੇ ਖੋਜ ਦੇ ਖੇਤਰਾਂ ਵਿਚ ਰਣਨੀਤਕ ਸਾਂਝੀਦਾਰੀ ਰਾਹੀਂ ਇੱਕ ਲੈਂਡ ਮਾਰਕ ਐਮ ਓ ਯੂ ਬਣਾਇਆ ਗਿਆ

ਮੋਹਾਲੀ, 15 ਸਤੰਬਰ (ਪੋਸਟ ਬਿਊਰੋ): ਚੰਡੀਗੜ੍ਹ ਗਰੁੱਪ ਆਫ਼ ਕਾਲਜਿਜ ਦੇ ਝੰਜੇੜੀ ਕੈਂਪਸ ਵੱਲੋਂ ਸਟੈਫੋਰਡਸ਼ਾਇਰ ਯੂਨੀਵਰਸਿਟੀ, ਯੂ.ਕੇ. ਦੇ ਨਾਲ ਅਕਾਦਮਿਕ ਸਹਿਯੋਗ ਨਾਲ ਸਬੰਧਿਤ ਮਹੱਤਵਪੂਰਨ ਐਮ ਓ ਯੂ ਤੇ ਹਸਤਾਖ਼ਰ ਕੀਤੇ ਹਨ ।ਇਸ ਸਾਂਝੀਦਾਰੀ ਦਾ ਉਦੇਸ਼ ਵਿੱਦਿਅਕ ਅਤੇ ਖੋਜ ਆਦਾਨ-ਪ੍ਰਦਾਨ ਨੂੰ ਵਧਾਉਣਾ ਹੈ। ਜੋ ਕਿ ਭਵਿੱਖ ਵਿਚ ਸਾਂਝੇ ਖੋਜ ਪ੍ਰੋਜੈਕਟਾਂ, ਐਕਸਚੇਂਜ ਪ੍ਰੋਗਰਾਮਾਂ, ਅਤੇ ਪਾਠਕ੍ਰਮ ਸੰਸ਼ੋਧਨ ਦੁਆਰਾ ਵਿਦਿਆਰਥੀ ਅਤੇ ਫੈਕਲਟੀ ਵਿਕਾਸ ਲਈ ਮਹੱਤਵਪੂਰਨ ਮੌਕੇ ਪ੍ਰਦਾਨ ਕਰਦਾ ਹੈ।



ਇਸ ਸਮਝੌਤੇ ਤਹਿਤ ਝੰਜੇੜੀ ਕੈਂਪਸ ਦੇ ਵਿਦਿਆਰਥੀਆਂ ਲਈ ਵਿਸ਼ਵ ਦੇ ਮਸ਼ਹੂਰ ਸਿੱਖਿਆ ਸ਼ਾਸਤਰੀ ਪ੍ਰੋ. ਰੇਡੈਂਟ ਟੋਨਾ ਅਤੇ ਪ੍ਰੋ. ਕ੍ਰਿਸ ਹਾਕਿੰਸ ਸਮੇਤ ਹੋਰ ਕਈ ਮਾਹਿਰਾਂ ਦੇ ਗੈੱਸਟ ਲੈਕਚਰ ਵੀ ਕਰਵਾਏ ਜਾ ਰਹੇ ਹਨ ਤਾਂ ਕਿ ਝੰਜੋੜੀ ਕੈਂਪਸ ਦੇ ਵਿਦਿਆਰਥੀਆਂ ਲਈ ਅਕਾਦਮਿਕ ਤਜਰਬੇ ਨੂੰ ਹੋਰ ਨਿਖਾਰਿਆ ਜਾ ਸਕੇ। ਇਸ ਦੇ ਇਲਾਵਾ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਆਨ ਲਾਈਨ ਵੈਬਨਾਰ, ਗੈੱਸਟ ਲੈਕਚਰ ਅਤੇ ਲਾਈਵ ਸੈਸ਼ਨ ਵਿਚ ਹਿੱਸਾ ਲੈਣ ਦਾ ਮੌਕਾ ਮਿਲੇਗਾ। ਜਿਸ ਨਾਲ ਵਿਦਿਆਰਥੀ ਅੰਤਰ ਰਾਸ਼ਟਰੀ ਪੱਧਰ ਤੇ ਸਿੱਖਿਆਂ ਦੇ ਖੇਤਰ ਵਿਚ ਆ ਰਹੇ ਬਦਲਾਵਾਂ ਨਾਲ ਰੂ ਬ ਰੂ ਹੋ ਸਕਣਗੇ। ਇਸ ਦੇ ਨਾਲ ਹੀ ਵਿਦਿਆਰਥੀਆਂ ਲਈ ਬਿਹਤਰ ਸਿੱਖਿਆ ਲਈ ਸਹਿਯੋਗੀ ਖੋਜ ਅਤੇ ਅਧਿਆਪਨ ਵਿਧੀਆਂ ਵਿਚ ਸ਼ਾਮਲ ਕਰਨ ਲਈ ਫੈਕਲਟੀ ਐਕਸਚੇਂਜ ਪ੍ਰੋਗਰਾਮ ਵੀ ਹੋਵੇਗਾ। ਜਿਸ ਨਾਲ ਇਸ ਸਮਝੌਤੇ ਨਾਲ ਵਿਦਿਆਰਥੀਆਂ ਲਈ ਗਲੋਬਲ ਪੱਧਰ 'ਤੇ ਸੈਟਲ ਹੋਣ ਲਈ ਗਲੋਬਲ ਸਿੱਖਣ ਅਤੇ ਨੌਕਰੀ ਦੇ ਮੌਕੇ ਵੀ ਖੋਲ੍ਹੇਗਾ।

ਸੀ ਜੀ ਸੀ ਝੰਜੇੜੀ ਕੈਂਪਸ ਦੇ ਮੈਨੇਜਿੰਗ ਡਾਇਰੈਕਟਰ ਅਰਸ਼ ਧਾਲੀਵਾਲ ਨੇ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆ ਕਿ ਇਸ ਸਾਂਝੀਦਾਰੀ ਨਾ ਸਿਰਫ਼ ਦੋ ਸੰਸਥਾਵਾਂ ਨੂੰ ਇਕੱਠੇ ਕਰੇਗੀ ਸਗੋਂ ਵਿਸ਼ਵ ਪੱਧਰ ਦੀ ਜਾਣਕਾਰੀ ਲਈ ਸਿੱਖਿਆਰਥੀਆਂ ਨੂੰ ਵੀ ਉਤਸ਼ਾਹਿਤ ਕਰੇਗੀ। ਉਨ੍ਹਾਂ ਅੱਗੇ ਕਿਹਾ ਕਿ ਸੀ ਜੀ ਸੀ ਝੰਜੇੜੀ ਆਪਣੇ ਵਿਦਿਆਰਥੀਆਂ ਨੂੰ ਇੱਕ ਪਰਿਵਰਤਨਸ਼ੀਲ ਸਿੱਖਿਆ ਪ੍ਰਦਾਨ ਕਰਨ ਅਤੇ ਨਵੀਨਤਾ, ਗਲੋਬਲ ਐਕਸਪੋਜ਼ਰ ਅਤੇ ਸੰਪੂਰਨ ਵਿਕਾਸ 'ਤੇ ਧਿਆਨ ਕੇਂਦਰਿਤ ਕਰਦੇ ਹੋਏ ਵਿਸ਼ਵ ਪੱਧਰੀ ਮੁਕਾਬਲੇ ਲਈ ਤਿਆਰ ਕਰਨ ਲਈ ਵਚਨਬੱਧ ਹੈ।

ਸੀ ਜੀ ਸੀ ਦੇ ਪ੍ਰੈਜ਼ੀਡੈਂਟ ਰਛਪਾਲ ਸਿੰਘ ਧਾਲੀਵਾਲ ਨੇ ਕਿਹਾ ਕਿ ਸੀ ਜੀ ਸੀ ਝੰਜੇੜੀ ਕੈਂਪਸ ਅਤੇ ਸਟੈਫੋਰਡਸ਼ਾਇਰ ਯੂਨੀਵਰਸਿਟੀ ਵਿਚਕਾਰ ਇਹ ਗੱਠਜੋੜ ਸਿੱਖਿਆ, ਖੋਜ ਅਤੇ ਤਕਨੀਕੀ ਨਵੀਨਤਾ ਵਿਚ ਨਵੇਂ ਮਾਪਦੰਡ ਸਥਾਪਤ ਕਰਨ ਲਈ ਤਿਆਰ ਹੈ, ਜਿਸ ਨਾਲ ਅਕਾਦਮਿਕ ਅਤੇ ਸਮਾਜ ਵਿਚ ਵੱਡੇ ਪੱਧਰ 'ਤੇ ਉਨ੍ਹਾਂ ਦੇ ਯੋਗਦਾਨ ਨੂੰ ਹੋਰ ਵਧਾਇਆ ਜਾਵੇਗਾ।

# ਵਿਸ਼ੇਸ਼ ਲੋੜਾਂ ਵਾਲੇ ਬੱਚੇ ਸਾਡੇ ਸਮਾਜ ਦਾ ਅਨਿੱਖੜਵਾਂ ਅੰਗ : ਡੀ.ਐੱਸ.ਈ.ਟੀ. ਯੂਨੀਅਨ ਰਮਸਾ ਪੰਜਾਬ

ਫਿਰੋਜ਼ਪੁਰ 15 ਸਤੰਬਰ (ਗਿਆਨ ਸਿੰਘ): ਡੀ.ਐੱਸ.ਈ.ਟੀ. ਸੂਬਾ ਪ੍ਰਧਾਨ ਭੁਪਿੰਦਰ ਸਿੰਘ ਵਲੋਂ ਦੱਸਿਆ ਗਿਆ ਕਿ ਜਦੋਂ ਅਸੀਂ ਸਕੂਲ ਵਿਜ਼ਿਟ ਤੇ ਜਾਂਦੇ ਹਾਂ ਤਾਂ ਅਕਸਰ ਬਹੁਤ ਲੋਕ ਵਿਚਾਰ ਸਾਂਝੇ ਕਰਦੇ ਹਨ ਕਿ ਇਹਨਾਂ ਬੱਚਿਆਂ ਲਈ ਅਲੱਗ ਸਕੂਲ ਹੋਣੇ ਚਾਹੀਦੇ ਹਨ। ਇਹ ਗੱਲਾਂ ਸੁਣ ਕੇ ਬੜਾ ਦੁੱਖ ਮਹਿਸੂਸ ਹੁੰਦੈ ਕਿ ਕਿਸ ਤਰ੍ਹਾਂ ਸਾਡੀ ਸੋਚ ਇਹਨਾਂ ਬੱਚਿਆਂ ਲਈ ਇਕ ਵੱਖਰਾ ਸਮਾਜ ਸਿਰਜੇ ਜਾਣ ਦੀ ਹੈ। ਅਸੀ ਸਿਰਫ ਸਕੂਲ ਦੀ ਚਾਰਦੀਵਾਰੀ ਵਿੱਚ ਹੀ ਇਹਨਾ ਬੱਚਿਆਂ ਕਾਰਨ ਆਮ ਅਧਿਆਪਕ ਨੂੰ ਆਉਣ ਵਾਲੀਆਂ ਸਮੱਸਿਆਵਾਂ ਨੂੰ ਹੀ ਦੇਖ ਜਾ ਸੋਚ ਰਹੇ ਹਾਂ ਪਰ ਕਦੇ ਇਕ ਆਮ ਵਿਅਕਤੀ ਨੇ ਇਹ ਸੋਚਿਆ ਕਿ ਸਕੂਲ ਦੇ ਦਾਇਰੇ ਤੋਂ ਬਾਅਦ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਨੇ ਸਮਾਜ ਵਿੱਚ ਆਮ ਜਨਤਾ ਨਾਲ ਵਿਹਾਰ ਕਾਰੋਬਾਰ ਕਰਨਾ ਹੈ।

ਸਕੂਲਾਂ ਦੀ ਗੱਲ ਆਉਂਦੀ ਹੈ ਤਾਂ ਵਿਸ਼ੇਸ਼ ਬੱਚਿਆਂ ਲਈ ਸਪੈਸ਼ਲ ਸਕੂਲਾਂ ਦੀ ਸੋਚ ਦਾ ਖਿਆਲ ਆਉਂਦਾ ਹੈ ਪਰ ਇਸ ਤੋਂ ਅੱਗੇ ਕਿਸੇ ਨੇ ਕਦੇ ਇਹ ਸੋਚਿਆ ਕਿ ਸਪੈਸ਼ਲ ਬੱਚੇ ਨੇ ਸਾਰੀ ਉਮਰ ਸਕੂਲਾਂ ਵਿਚ ਹੀ ਕੱਢਣੀ ਹੈ। ਇਸ ਲਈ ਸਪੈਸ਼ਲ ਬੱਚਿਆਂ ਲਈ ਸਪੈਸ਼ਲ ਸਕੂਲ ਦੀ ਸੋਚ ਦਾ ਸਮਰਥਨ ਨਹੀਂ ਕਰਦੀ ਕਿਉਕਿ ਫਿਰ ਇਹਨਾਂ ਬੱਚਿਆਂ ਲਈ ਸਮਾਜ ਵਿਚ ਆਪਣੀਆਂ ਨਿੱਜੀ ਲੋੜਾਂ ਨੂੰ ਪੂਰਾ ਕਰਨ ਲਈ, ਖਰੀਦ ਫਰੋਖਤ ਕਰਨ ਲਈ ਸਪੈਸ਼ਲ ਮਾਲ , ਦੁਕਾਨਾਂ, ਫੈਕਟਰੀਆਂ ਆਦਿ ਵੀ ਹੋਣੇ ਚਾਹੀਦੇ ਹਨ ਪਰ ਨਹੀਂ ਇਸ ਤਰ੍ਹਾ ਤਾਂ ਇਨ੍ਹਾਂ ਬੱਚਿਆਂ ਦੀ ਇਕ ਵੱਖਰੀ ਹੀ ਦੁਨੀਆਂ ਬਣ ਜਾਵੇਗੀ ਅਤੇ ਅਸੀ ਓਹਨਾਂ ਲਈ ਦੂਜੇ ਗ੍ਰਹਿ ਦੇ ਵਾਸੀ ਹਾਂ ਪਰ ਇਹਨਾਂ ਬੱਚਿਆਂ ਨੂੰ ਸਿਖਿਅਤ ਕਰਨ ਲਈ ਹਰ ਸਕੂਲ ਵਿੱਚ ਵਿਸ਼ੇਸ਼ ਅਧਿਆਪਕ ਜਰੂਰ ਹੋਣੇ ਚਾਹੀਦੇ ਹਨ ਜੋ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਨੂੰ ਆਮ ਸਮਾਜ ਵਿੱਚ ਵਿਚਰਨ ਦੀ ਜਾਚ ਸਿੱਖਾ ਸਕਣ। ਆਮ ਅਧਿਆਪਕਾਂ ਨੂੰ ਵੀ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਦੀਆਂ ਜਰੂਰਤਾਂ ਨੂੰ ਸਮਝਣ ਤੇ ਉਹਨਾਂ ਦੇ ਲਈ ਇਕ ਅਲੱਗ ਸਕੂਲ ਦੀ ਸੋਚ ਦੇ ਵਿਚਾਰ ਨੂੰ ਖਤਮ ਕਰਨਾ ਚਾਹੀਦਾ ਹੈ।

# ਚੰਡੀਗੜ੍ਹ ਗ੍ਰਨੇਡ ਹਮਲਾ: ਅਮਰੀਕਾ-ਅਧਾਰਤ ਗੈਂਗਸਟਰ ਹੈਪੀ ਪਾਸੀਆਂ ਵੱਲੋਂ ਮੁਲਜ਼ਮਾਂ ਨੂੰ ਵਿੱਤੀ ਸਹਾਇਤਾ ਦੇਣ ਦੇ ਵਾਅਦੇ ਖੋਖਲੇ ਸਿੱਧ ਹੋਏ, ਜਾਂਚ 'ਚ ਹੋਇਆ ਖੁਲਾਸਾ

### ਪੰਜਾਬ ਪੁਲਿਸ ਨੇ ਕੇਂਦਰੀ ਏਜੰਸੀਆਂ ਅਤੇ ਦਿੱਲੀ ਪੁਲਿਸ ਨਾਲ ਤਾਲਮੇਲ ਜ਼ਰੀਏ ਦੂਜੇ ਦੋਸ਼ੀ ਵਿਸ਼ਾਲ ਮਸੀਹ ਨੂੰ 72 ਘੰਟਿਆਂ ਦੇ ਅੰਦਰ ਕੀਤਾ ਗ੍ਰਿਫਤਾਰ

ਚੰਡੀਗੜ੍ਹ, 15 ਸਤੰਬਰ (ਪੋਸਟ ਬਿਊਰੋ): ਪੰਜਾਬ ਪੁਲਿਸ ਨੇ ਕੇਂਦਰੀ ਏਜੰਸੀਆਂ ਅਤੇ ਦਿੱਲੀ ਪੁਲਿਸ ਨਾਲ ਤਾਲਮੇਲ ਜ਼ਰੀਏ ਕੰਮ ਕਰਦਿਆਂ ਚੰਡੀਗੜ੍ਹ ਗ੍ਰੇਨੇਡ ਹਮਲੇ ਦੇ ਦੂਜੇ ਦੋਸ਼ੀ ਨੂੰ 72 ਘੰਟਿਆਂ ਦੇ ਅੰਦਰ-ਅੰਦਰ ਗ੍ਰਿਫਤਾਰ ਕਰ ਲਿਆ ਹੈ ਅਤੇ ਇਸ ਕੇਸ ਦੀ ਜਾਂਚ ਦੌਰਾਨ ਸਾਹਮਣੇ ਆਇਆ ਹੈ ਕਿ ਅਮਰੀਕਾ ਅਧਾਰਤ ਗੈਂਗਸਟਰ ਹਰਪ੍ਰੀਤ ਸਿੰਘ ਉਰਫ਼ ਹੈਪੀ ਪਾਸੀਆਂ, ਜੋ ਪਾਕਿਸਤਾਨ ਅਧਾਰ ਬੱਬਰ ਖਾਲਸਾ ਇੰਟਰਨੈਸ਼ਨਲ (ਬੀ.ਕੇ.ਆਈ.) ਦੇ ਅੱਤਵਾਦੀ ਹਰਵਿੰਦਰ ਸਿੰਘ ਉਰਫ਼ ਰਿੰਦਾ ਅਤੇ ਆਈ.ਐਸ.ਆਈ. ਦੇ ਇਸ਼ਾਰੇ 'ਤੇ ਕੰਮ ਕਰ ਰਿਹਾ ਸੀ, ਨੇ ਘਟਨਾ ਨੂੰ ਅੰਜ਼ਮਾ ਦੇਣ ਲਈ ਮੁਲਜ਼ਮਾਂ ਨੂੰ ਧਮਾਕਾਖੇਜ਼ ਸਮੱਗਰੀ, ਹਥਿਆਰ ਅਤੇ ਲੌਜਿਸਟਿਕਸ ਸਹਾਇਤਾ ਪ੍ਰਦਾਨ ਕੀਤੀ ਅਤੇ ਫਿਰ ਕੀਤੇ ਵਾਅਦੇ ਅਨੁਸਾਰ ਉਨ੍ਹਾਂ ਨੂੰ ਕੰਮ ਹੋਣ ਤੋਂ ਬਾਅਦ ਵਿੱਤੀ ਮਦਦ ਦੇਣ ਤੋਂ ਮੁੱਕਰ ਗਿਆ।




ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ), ਪੰਜਾਬ ਗੌਰਵ ਯਾਦਵ ਨੇ ਆਪਣੇ ਐਕਸ ਹੈਂਡਲ (ਪਹਿਲਾਂ ਟਵਿੱਟਰ) 'ਤੇ ਇੱਕ ਪੋਸਟ ਜ਼ਰੀਏ ਜਾਣਕਾਰੀ ਦਿੱਤੀ ਕਿ ਵੱਖ-ਵੱਖ ਸਰੋਤਾਂ ਤੋਂ ਪ੍ਰਾਪਤ ਸੁਰਾਗਾਂ ਦੇ ਆਧਾਰ 'ਤੇ ਦੂਜੇ ਅਪਰਾਧੀ ਵਿਸ਼ਾਲ ਮਸੀਹ ਪੁੱਤਰ ਸਾਬੀ ਮਸੀਹ ਵਾਸੀ ਪਿੰਡ ਰਾਇਮਲ ਨੇੜੇ ਧਿਆਨਪੁਰ ਪੁਲਿਸ ਥਾਣਾ ਕੋਟਲੀ ਸੂਰਤ ਮੱਲੀਆਂ, ਬਟਾਲਾ ਜ਼ਿਲ੍ਹਾ ਗੁਰਦਾਸਪੁਰ ਨੂੰ ਦਿੱਲੀ ਤੋਂ ਗ੍ਰਿਫਤਾਰ ਕੀਤਾ ਗਿਆ ਹੈ।

ਦੱਸਣਯੋਗ ਹੈ ਕਿ ਬੁੱਧਵਾਰ ਸ਼ਾਮ ਨੂੰ ਚੰਡੀਗੜ੍ਹ ਦੇ ਸੈਕਟਰ 10 ਵਿਖੇ ਦੋ ਵਿਅਕਤੀਆਂ ਵੱਲੋਂ ਉਕਤ ਗ੍ਰੇਨੇਡ ਹਮਲੇ ਨੂੰ ਅੰਜ਼ਾਮ ਦਿੱਤਾ ਗਿਆ ਸੀ, ਜਿਸ ਉਪਰੰਤ ਪੁਲਿਸ ਅਤੇ ਕੇਂਦਰੀ ਏਜੰਸੀਆਂ ਨੇ ਤੇਜ਼ੀ ਨਾਲ ਕਾਰਵਾਈ ਕਰਦਿਆਂ ਸ਼ੁੱਕਰਵਾਰ ਨੂੰ ਇੱਕ ਦੋਸ਼ੀ ਰੋਹਨ ਮਸੀਹ ਨੂੰ ਹਥਿਆਰਾਂ ਅਤੇ ਗੋਲੀ-ਸਿੱਕੇ ਸਮੇਤ ਕਾਬੂ ਕਰ ਲਿਆ। ਰੋਹਨ ਮਸੀਹ ਇਸ ਸਮੇਂ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ (ਐਸ.ਐਸ.ਓ.ਸੀ.), ਅੰਮ੍ਰਿਤਸਰ ਕੋਲ ਰਿਮਾਂਡ 'ਤੇ ਹੈ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਹੈਪੀ ਪਾਸੀਆਂ ਨੇ ਪੰਜਾਬ ਵਿੱਚ ਆਪਣੇ ਸਾਥੀਆਂ ਰਾਹੀਂ ਮੁਲਜ਼ਮਾਂ ਨੂੰ ਵਿਸਫੋਟਕ ਸਮੱਗਰੀ, ਹਥਿਆਰ ਅਤੇ ਲੌਜਿਸਟਿਕ ਸਹਾਇਤਾ ਪ੍ਰਦਾਨ ਕੀਤੀ ਅਤੇ ਉਨ੍ਹਾਂ ਲਈ ਕੁਝ ਵਿੱਤੀ ਸਹਾਇਤਾ ਦਾ ਪ੍ਰਬੰਧ ਵੀ ਕੀਤਾ। ਉਨ੍ਹਾਂ ਦੱਸਿਆ ਕਿ ਅਪਰਾਧ ਨੂੰ ਅੰਜ਼ਾਮ ਦੇਣ ਤੋਂ ਬਾਅਦ, ਦੋਵੇਂ ਮੁਲਜ਼ਮ ਅੰਮ੍ਰਿਤਸਰ ਗਏ, ਜਿੱਥੋਂ ਦੋਵਾਂ ਨੇ ਆਪਣੇ ਰਸਤੇ ਵੱਖੋ-ਵੱਖ ਕਰ ਲਏ। ਉਨ੍ਹਾਂ ਦੱਸਿਆ ਕਿ ਵਿਸ਼ਾਲ ਪਹਿਲਾਂ ਜੰਮੂ-ਕਸ਼ਮੀਰ ਗਿਆ ਅਤੇ ਉਥੋਂ ਫਿਰ ਦਿੱਲੀ ਚਲਾ ਗਿਆ, ਜਿਸ ਦੌਰਾਨ ਪੁਲਿਸ ਟੀਮਾਂ ਨੇ ਉਸਨੂੰ ਕਾਬੂ ਕਰ ਲਿਆ।

ਉਨ੍ਹਾਂ ਅੱਗੇ ਦੱਸਿਆ ਕਿ ਪੜਤਾਲ ਵਿੱਚ ਇਹ ਵੀ ਸਾਹਮਣੇ ਆਇਆ ਹੈ ਕਿ ਹੈਪੀ ਪਾਸੀਆਂ ਨੇ ਘਟਨਾ ਨੂੰ ਅੰਜ਼ਾਮ ਦੇਣ ਵਾਲੇ ਵਿਅਕਤੀਆਂ ਨੂੰ ਭਰਮਾਉਣ ਲਈ ਸ਼ੁਰੂ ਵਿੱਚ ਕੁਝ ਫੰਡ ਮੁਹੱਈਆ ਕਰਵਾਏ ਅਤੇ ਉਨ੍ਹਾਂ ਨਾਲ ਘਟਨਾ ਨੂੰ ਸਫ਼ਲਤਾਪੂਰਵਕ ਅੰਜ਼ਾਮ ਦੇਣ ਤੋਂ ਬਾਅਦ ਹੋਰ ਜ਼ਿਆਦਾ ਪੈਸੇ ਦੇਣ ਦਾ ਵਾਅਦਾ ਕੀਤਾ ਸੀ। ਉਨ੍ਹਾਂ ਦੱਸਿਆ ਕਿ ਘਟਨਾ ਨੂੰ ਅੰਜ਼ਾਮ ਦੇਣ ਤੋਂ ਬਾਅਦ ਦੋਵਾਂ ਮੁਲਜ਼ਮਾਂ ਨੇ ਹੈਪੀ ਪਾਸੀਆਂ ਵੱਲੋਂ ਕੀਤੇ ਵਾਅਦੇ ਅਨੁਸਾਰ ਹੋਰ ਪੈਸੇ ਲੈਣ ਲਈ ਉਸ ਨਾਲ ਸੰਪਰਕ ਕੀਤਾ, ਪਰ ਉਨ੍ਹਾਂ ਨੂੰ ਹੈਪੀ ਪਾਸੀਆਂ ਕੋਲੋਂ ਲਾਰਿਆਂ ਤੋਂ ਸਿਵਾਏ ਕੁਝ ਨਹੀਂ ਮਿਲਿਆ ਅਤੇ ਬਾਅਦ ਵਿੱਚ ਉਸਨੇ ਉਨ੍ਹਾਂ ਦਾ ਫੋਨ ਚੁੱਕਣਾ ਵੀ ਬੰਦ ਕਰ ਦਿੱਤਾ, ਜਿਸ ਨਾਲ ਸਾਰੇ ਵਾਅਦੇ ਧਰੇ-ਧਰਾਏ ਰਹਿ ਗਏ।

ਡੀਜੀਪੀ ਨੇ ਇਨ੍ਹਾਂ ਦੇਸ਼ ਵਿਰੋਧੀ ਅਨਸਰਾਂ ਦੇ ਨੌਜਵਾਨਾਂ ਨੂੰ ਭਰਮਾਉਣ ਦੇ ਢੰਗ-ਤਰੀਕਿਆਂ ਬਾਰੇ ਗੱਲ ਕਰਦਿਆਂ ਉਨ੍ਹਾਂ ਨੂੰ ਅਜਿਹੇ ਅੱਤਵਾਦੀਆਂ ਤੋਂ ਸੁਚੇਤ ਰਹਿਣ ਦੀ ਅਪੀਲ ਕੀਤੀ ਜੋ ਆਪਣਾ ਕੰਮ ਕਢਵਾਉਣ ਲਈ ਝੂਠੇ ਵਾਅਦਿਆਂ ਨਾਲ ਲੋਕਾਂ ਨੂੰ ਭਰਮਾਉਂਦੇ ਹਨ ਅਤੇ ਫਿਰ ਉਨ੍ਹਾਂ ਨੂੰ ਫਸਾ ਕੇ ਖੁਦ ਪਾਸੇ ਹੋ ਜਾਂਦੇ ਹਨ। ਉਨ੍ਹਾਂ ਨੇ ਲੋਕਾਂ ਅਪੀਲ ਕੀਤੀ ਕਿ ਉਹ ਅਜਿਹੇ ਅਪਰਾਧੀ ਅਨਸਰਾਂ ਦੇ ਝਾਂਸੇ ਵਿੱਚ ਆਉਣ ਤੋਂ ਬਚਣ, ਜੋ ਉਨ੍ਹਾਂ ਨੂੰ ਭਰਮਾਉਣ ਲਈ ਪਹਿਲਾਂ ਤਾਂ ਝੂਠੇ ਵਾਅਦੇ ਕਰਦੇ ਹਨ ਅਤੇ ਫਿਰ ਕੰਮ ਹੋਣ ਤੋਂ ਬਾਅਦ ਉਨ੍ਹਾਂ ਨੂੰ ਵਿਚਾਲੇ ਛੱਡ ਦਿੰਦੇ ਹਨ।

ਜ਼ਿਕਰਯੋਗ ਹੈ ਕਿ ਵਿਦੇਸ਼ੀ ਹੈਂਡਲਰਾਂ ਵੱਲੋਂ ਨੌਜਵਾਨਾਂ ਨੂੰ ਭਰਮਾ ਕੇ ਆਪਣਾ ਕੰਮ ਕਢਵਾਉਣ ਦੀ ਇਹ ਚਾਲ ਪਿਛਲੀਆਂ ਜਾਂਚ ਕਾਰਵਾਈਆਂ ਵਿੱਚ ਵੀ ਸਾਹਮਣੇ ਆਈ ਹੈ, ਜਿਸ ਵਿੱਚ ਅਜਿਹੇ ਹੈਂਡਲਰ ਪਹਿਲਾਂ ਤਾਂ ਭੋਲੇ-ਭਾਲੇ ਨੌਜਵਾਨਾਂ ਨੂੰ ਝੂਠੇ ਵਾਅਦੇ ਕਰਕੇ ਆਪਣੇ ਝਾਂਸੇ ਵਿੱਚ ਲੈਂਦੇ ਹਨ ਅਤੇ ਫਿਰ ਕੰਮ ਪੂਰਾ ਹੋਣ ਤੋਂ ਬਾਅਦ ਉਨ੍ਹਾਂ ਦਾ ਸਾਥ ਛੱਡ ਦਿੰਦੇ ਹਨ।

ਹੋਰ ਵੇਰਵੇ ਦਿੰਦਿਆਂ ਏਆਈਜੀ ਐਸਐਸਓਸੀ ਅੰਮ੍ਰਿਤਸਰ ਸੁਖਮਿੰਦਰ ਸਿੰਘ ਮਾਨ ਨੇ ਦੱਸਿਆ ਕਿ ਇਸ ਸਾਰੀ ਸਾਜ਼ਿਸ਼ ਅਤੇ ਹੈਪੀ ਪਾਸੀਆਂ ਦੇ ਸਥਾਨਕ ਨੈਟਵਰਕ ਦਾ ਪਰਦਾਫਾਸ਼ ਕਰਨ ਲਈ ਚੰਡੀਗੜ੍ਹ ਪੁਲਿਸ ਨਾਲ ਤਾਲਮੇਲ ਜ਼ਰੀਏ ਇਸ ਮਾਮਲੇ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਪੁਲਿਸ ਟੀਮਾਂ ਨੇ ਮੁਲਜ਼ਮ ਵਿਸ਼ਾਲ ਮਸੀਹ ਨੂੰ ਅਦਾਲਤ ਵਿੱਚ ਪੇਸ਼ ਕਰਕੇ 20 ਸਤੰਬਰ 2024 ਤੱਕ ਉਸਦਾ ਰਿਮਾਂਡ ਹਾਸਲ ਕਰ ਲਿਆ ਹੈ।

ਕੈਨੇਡੀਅਨ ਪੰਜਾਬੀ ਪੋਸਟ

Award winning news paper | Canadian Punjabi Post

CLASSIFIEDS

Starting at just $10

ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ

ਕਾਲ ਕਰੋ: 905-793-2202

## ਲੜਕੀ ਦੀ ਲੋੜ

ਲੁਬਾਣਾ ਸਿੱਖ, 1989 ਕਲੀਨਸ਼ੇਵ, ਗੋਰਾ ਰੰਗ, ਕੱਦ 5'8, ਕੈਨੇਡਾ ਵਿੱਚ ਸਥਾਈ ਨਿਵਾਸੀ (**Italian citizen**) ਲਈ ਖੂਬਸੂਰਤ ਅਤੇ ਪੜ੍ਹੀ ਲਿਖੀ ਲੜਕੀ ਦੀ ਲੋੜ। ਸੰਪਰਕ- 647-449-6746 ਜਾਂ 250-793-0527

Well Settled **Ramgarhia Family** in Winnipeg looking for a suitable match for their son **(Canadian citizenship)**, 33-year-old, 5-10, clean shaved. Currently working in the financing business. **Call at 204-510-7658 or 204-979-0021.**

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal
Co-Host
Iqbal Mahal
Producer & Host
Serving the South Asian Community Since 1976

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਧਨੋਆ

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਸੈਲ ਐਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# ਕਾਂਗਰਸ ਦੇ ਗੁਨਾਹ ਗਿਣਦੀ ਭਾਜਪਾ ਦਾ ਆਪਣਾ ਰਿਕਾਰਡ ਕੀ ਦੱਸਦੈ !

ਜਤਿੰਦਰ ਪਨੂੰ ਦੀ ਕਲਮ ਤੋਂ



ਵਿਦੇਸ਼ ਦੌਰੇ ਲਈ ਅਮਰੀਕਾ ਗਏ ਕਾਂਗਰਸ ਆਗੂ ਰਾਹੁਲ ਗਾਂਧੀ ਨੇ ਆਪਣੇ ਪਿਛਲੇ ਰਿਕਾਰਡ ਮੁਤਾਬਕ ਅਗਲਾ ਵਿਵਾਦ ਛੇੜ ਧਰਿਆ ਹੈ। ਇੱਕ ਮੀਟਿੰਗ ਵਿੱਚ ਉਸ ਨੇ ਭਾਰਤ ਵਿੱਚ ਸਿੱਖਾਂ ਨੂੰ ਉਨ੍ਹਾਂ ਦੇ ਕੱਕਾਰ ਪਹਿਨੇ ਜਾਣ ਤੋਂ ਰੋਕਣ ਸਮੇਤ ਕਈ ਗੱਲਾਂ ਦਾ ਜ਼ਿਕਰ ਕਰ ਦਿੱਤਾ ਤੇ ਇਸ ਜ਼ਿਕਰ ਨੂੰ ਚੁੱਕ ਕੇ ਭਾਜਪਾ ਦੇ ਤਿੱਖੇ ਬੁਲਾਰਿਆਂ ਨੇ ਕਾਂਗਰਸ ਪਾਰਟੀ ਤੇ ਰਾਹੁਲ ਗਾਂਧੀ ਦੇ ਖਿਲਾਫ ਇੱਕ ਨਵੀਂ ਮੁਹਿੰਮ ਵਿੱਢ ਦਿੱਤੀ ਹੈ। ਉਹ ਇਹੋ ਜਿਹਾ ਕੰਮ ਸ਼ੁਰੂ ਕਰਨ ਅਤੇ ਭਾਜਪਾ ਹਾਈ ਕਮਾਨ ਕੋਲ ਆਪਣੇ ਨੰਬਰ ਬਣਾਉਣ ਲਈ ਹਮੇਸ਼ਾ ਤਿਆਰ ਹੁੰਦੇ ਹਨ। ਕੁਝ ਲੋਕ ਰਾਹੁਲ ਗਾਂਧੀ ਦੇ ਵਿਚਾਰ ਪ੍ਰਗਟਾਵੇ ਦੇ ਹੱਕ ਦੀ ਵਕਾਲਤ ਕਰਦੇ ਹਨ ਅਤੇ ਕੁਝ ਹੋਰ ਇਹ ਕਹਿੰਦੇ ਸੁਣੀਂਦੇ ਹਨ ਕਿ ਉਹ ਬਿਨਾਂ ਵਜ੍ਹਾ ਕੁਝ ਨਾ ਕੁਝ ਬੋਲਣ ਦੀ ਆਦਤ ਛੱਡਦਾ ਨਹੀਂ ਅਤੇ ਹਰ ਨਵੇਂ ਦਿਨ ਨਵੇਂ ਵਿਵਾਦ ਵਿੱਚ ਫਸਦੇ ਰਹਿਣ ਦਾ ਆਦੀ ਹੋ ਚੁੱਕਾ ਹੈ। ਇੱਕ ਤੀਸਰੀ ਧਿਰ ਇਹ ਕਹਿੰਦੀ ਹੈ ਕਿ ਰਾਹੁਲ ਗਾਂਧੀ ਦੀਆਂ ਗੱਲਾਂ ਭਾਵੇਂ ਗਲਤ ਨਹੀਂ, ਪਰ ਵਿਦੇਸ਼ ਜਾ ਕੇ ਏਦਾਂ ਕਹਿਣ ਨਾਲ ਭਾਰਤ ਬਾਰੇ ਮਾੜਾ ਪ੍ਰਭਾਵ ਪੈਂਦਾ ਹੈ, ਉਸ ਨੂੰ ਦੇਸ਼ ਤੋਂ ਬਾਹਰ ਹੁੰਦਿਆਂ ਏਦਾਂ ਦੀ ਕਿਸੇ ਟਿਪਣੀ ਤੋਂ ਬਚਣਾ ਚਾਹੀਦਾ ਹੈ। ਦਲੀਲ ਕਿਸੇ ਵੀ ਪਾਸੇ ਦੀ ਹੋਵੇ, ਭਾਰਤ ਦੀ ਰਾਜਨੀਤੀ ਨੂੰ ਇੱਕ ਮੁੱਦਾ ਮਿਲ ਗਿਆ ਹੈ ਅਤੇ ਉਹ ਭਖਣ ਲੱਗ ਪਈ ਹੈ।

ਜਿੱਥੋਂ ਤੱਕ ਰਾਹੁਲ ਗਾਂਧੀ ਦਾ ਸਵਾਲ ਹੈ, ਉਹ ਕਈ ਵਾਰੀ ਮੁੱਦੇ ਕਿਸੇ ਹੋਰ ਬਾਰੇ ਬੋਲ ਰਿਹਾ ਹੁੰਦਾ ਹੈ ਅਤੇ ਓਥੇ ਆਪਣੇ ਸਾਹਮਣੇ ਬੈਠੇ ਲੋਕਾਂ ਦਾ ਧਿਆਨ ਖਿੱਚਣ ਲਈ ਉਨ੍ਹਾਂ ਵਿੱਚੋਂ ਕਿਸੇ ਨਾ ਕਿਸੇ ਨੂੰ ਸੰਬੋਧਨ ਕਰ ਕੇ ਕੋਈ ਏਦਾਂ ਦੀ ਗੱਲ ਕਹਿ ਬੈਠਦਾ ਹੈ, ਜਿਹੜੀ ਵਿਵਾਦ ਦਾ ਕਾਰਨ ਬਣ ਜਾਂਦੀ ਹੈ। ਦੂਸਰੀ ਗੱਲ ਇਹ ਕਿ ਉਹ ਆਪਣੇ ਸਲਾਹਕਾਰਾਂ ਬਾਰੇ ਸੁਚੇਤ ਨਹੀਂ ਅਤੇ ਜਿਹੜੇ ਬੰਦਿਆਂ ਕਾਰਨ ਪਹਿਲਾਂ ਵਿਵਾਦ ਪੈਦਾ ਹੋ ਚੁੱਕੇ ਹੋਣ, ਫਿਰ ਉਨ੍ਹਾਂ ਦੀ ਰਾਏ ਨੂੰ ਬਹੁਤਾ ਵਜ਼ਨ ਦੇਣ ਲੱਗਦਾ ਹੈ ਅਤੇ ਹੱਦੋਂ ਬਾਹਲੀ ਅਕਲ ਵਾਲੇ ਉਨ੍ਹਾਂ ਸੱਜਣਾਂ ਤੋਂ ਖਹਿੜਾ ਨਹੀਂ ਛੁਡਾਉਂਦਾ। ਮਿਸਾਲ ਵਜੋਂ ਰਾਹੁਲ ਦੀ ਆਪਣੇ ਪਿਤਾ ਰਾਜੀਵ ਗਾਂਧੀ ਦੇ ਸਾਥੀ ਸੈਮ ਪੈਤਰੋਦਾ ਨਾਲ ਸਾਂਝ ਅਤੇ ਉਸ ਦੀਆਂ ਖੁਦ ਕੀਤੀਆਂ ਟਿਪਣੀਆਂ ਦੇ ਕਾਰਨ ਕਈ ਵਾਰੀ ਕਾਂਗਰਸ ਪਾਰਟੀ ਕਸੂਤੀ ਫਸ ਚੁੱਕੀ ਹੈ। ਪਿਛਲੀਆਂ ਲੋਕ ਸਭਾ ਚੋਣਾਂ ਮੌਕੇ ਇੱਕ ਠੀਕ ਗੱਲ ਗਲਤ ਸ਼ਬਦਾਂ ਵਿੱਚ ਪੇਸ਼ ਕਰਨ ਕਰ ਕੇ ਕਾਂਗਰਸ ਨੂੰ ਚੋਣਾਂ ਦੌਰਾਨ ਹੀ ਸੈਮ ਪੈਤੋਰਦਾ ਨੂੰ ਪਾਰਟੀ ਤੋਂ ਕੱਢਣ ਦਾ ਐਲਾਨ ਕਰਨਾ ਪਿਆ ਸੀ ਤੇ ਅੱਜਕੱਲ੍ਹ ਉਹ ਫਿਰ ਰਾਹੁਲ ਗਾਂਧੀ ਨਾਲ ਪ੍ਰਛਾਵੇਂ ਵਾਂਗ ਜੁੜਿਆ ਪਿਆ ਹੈ। ਸੈਮ ਪੈਤਰੋਦਾ ਹੋਵੇ ਜਾਂ ਮਣੀ ਸ਼ੰਕਰ ਅਈਅਰ, ਇਨ੍ਹਾਂ ਦੀ ਅਕਲ ਇਨ੍ਹਾਂ ਦੇ ਸਿਰ ਵਿੱਚ ਜਦੋਂ ਖੌਰੂ ਪਾਵੇ ਤਾਂ ਕੋਈ ਨਾ ਕੋਈ ਬਖੇੜਾ ਖੜਾ ਕਰ ਦੇਂਦੇ ਹਨ।

ਦੂਸਰੇ ਪਾਸੇ ਭਾਜਪਾ ਦੇ ਆਗੂ ਅਤੇ ਬੁਲਾਰੇ ਜਦੋਂ ਇਹ ਕਹਿੰਦੇ ਹਨ ਕਿ ਰਾਹੁਲ ਗਾਂਧੀ ਵਿਦੇਸ਼ ਜਾ ਕੇ ਭਾਰਤ ਦੀ ਭੰਡੀ ਕਰਦਾ ਹੈ ਤਾਂ ਉਨ੍ਹਾਂ ਨੂੰ ਇਹ ਸਮਝਣਾ ਚਾਹੀਦਾ ਹੈ ਕਿ ਭਾਰਤੀ ਰਾਜਨੀਤੀ ਦੇ ਖਿੱਦੋ ਦੀਆਂ ਬਦਬੂ ਮਾਰਦੀਆਂ ਲੀਰਾਂ ਤਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੀ ਵਿਦੇਸ਼ ਦੌਰਿਆਂ ਵੇਲੇ ਉਨ੍ਹਾਂ ਦੇਸ਼ਾਂ ਵਿੱਚ ਖੋਲ੍ਹ ਬੈਠਦੇ ਹਨ। ਜਿਹੜੇ ਦੇਸ਼ਾਂ ਵਿੱਚ ਜਾ ਕੇ ਉਨ੍ਹਾ ਨੇ ਏਦਾਂ ਦਾ ਕੰਮ ਕੀਤਾ ਹੋਇਆ ਹੈ, ਉਨ੍ਹਾਂ ਦੀ ਸੂਚੀ ਬਣਾਉਣੀ ਥਕਾ ਦੇਣ ਵਾਲਾ ਕੰਮ ਹੋਵੇਗਾ। ਰਾਹੁਲ ਗਾਂਧੀ ਹੋਵੇ ਜਾਂ ਨਰਿੰਦਰ ਮੋਦੀ ਜਾਂ ਫਿਰ ਕੋਈ ਵੀ ਹੋਰ, ਇਨ੍ਹਾਂ ਸਾਰਿਆਂ ਨੂੰ ਸੋਚਣਾ ਚਾਹੀਦਾ ਹੈ ਕਿ 'ਘਰ ਕੀ ਬਾਤ ਘਰ ਮੇਂ ਹੀ ਰਹੇ ਤੋ ਅੱਛਾ ਹੈ', ਪਰ ਸੋਚਦਾ ਕੋਈ ਵੀ ਨਹੀਂ। ਲਾਗੂ ਕਰਨਾ ਹੈ ਤਾਂ ਪੈਮਾਨਾ ਸਾਰਿਆਂ ਲਈ ਇੱਕੋ ਚਾਹੀਦਾ ਹੈ।

ਇਸ ਵਾਰੀ ਰਾਹੁਲ ਗਾਂਧੀ ਦੀਆਂ ਅਮਰੀਕਾ ਜਾ ਕੇ ਇੱਕ ਸਿੱਖ ਦੇ ਹਵਾਲੇ ਨਾਲ ਕੀਤੀਆਂ ਟਿਪਣੀਆਂ ਤੋਂ ਬਾਅਦ ਭਾਜਪਾ ਦੇ ਆਗੂਆਂ ਨੇ ਤੂਫਾਨ ਲਿਆ ਦਿੱਤਾ ਤੇ ਅਪਰੇਸ਼ਨ ਬਲਿਊ ਸਟਾਰ ਤੋਂ ਸ਼ੁਰੂ ਕਰ ਕੇ ਦੋਸ਼ਾਂ ਦੀ ਲੰਮੀ ਸੂਚੀ ਲੋਕਾਂ ਅੱਗੇ ਰੱਖ ਦਿੱਤੀ ਹੈ। ਦੇਸ਼ ਦੇ ਲੋਕ ਇਹ ਸਭ ਕੁਝ ਪਹਿਲਾਂ ਤੋਂ ਜਾਣਦੇ ਹਨ ਤੇ ਜਿਹੜੇ ਆਮ ਲੋਕ ਰਾਜਨੀਤਕ ਗਲਤੀਆਂ ਨੂੰ ਭੁਗਤਦੇ ਹਨ, ਉਨ੍ਹਾਂ ਨੂੰ ਨਾ ਕਾਂਗਰਸ ਦੇ ਕਿਸੇ ਪੱਖ ਬਾਰੇ ਕੋਈ ਭੁਲੇਖਾ ਹੈ ਤੇ ਨਾ ਭਾਜਪਾ ਲੀਡਰਾਂ ਦੇ ਕਿਰਦਾਰ ਬਾਰੇ ਉਨ੍ਹਾਂ ਤੋਂ ਕੋਈ ਗੱਲ ਛੁਪੀ ਹੋਈ ਹੈ। ਗੱਲਾਂ ਸਿਰਫ ਭੁੱਲ ਜਾਂਦੀਆਂ ਹਨ, ਪਤਾ ਉਨ੍ਹਾਂ ਬਾਰੇ ਲੋਕਾ ਨੂੰ ਹੁੰਦਾ ਹੈ। ਦਿੱਲੀ ਵਿੱਚ ਭਾਜਪਾ ਦੇ ਇੱਕ ਸਿੱਖ ਲੀਡਰ ਨੇ ਰਾਹੁਲ ਗਾਂਧੀ ਵਿਰੁੱਧ ਪ੍ਰਦਰਸ਼ਨ ਕਰਦਿਆਂ ਏਥੋਂ ਤੱਕ ਵੀ ਉਸ ਨੂੰ ਕਹਿ ਦਿੱਤਾ ਕਿ ਜੋ ਕੁਝ ਤੇਰੀ ਦਾਦੀ ਨਾਲ ਹੋਇਆ ਸੀ, ਉਹੋ ਕੁਝ ਤੇਰੇ ਨਾਲ ਹੋਵੇਗਾ। ਉਸ ਦੇ ਸ਼ਬਦਾਂ ਵਿੱਚ ਧਮਕੀ ਹੋਣ ਦੀ ਧਮਕ ਹਰ ਕਿਸੇ ਨੇ ਨੋਟ ਕੀਤੀ ਹੈ, ਪਰ ਬਹੁਤੇ ਲੋਕ ਇਹ ਗੱਲ ਨਹੀਂ ਜਾਣਦੇ ਕਿ ਕਾਂਗਰਸ ਪਾਰਟੀ ਦੀ ਕਮਾਨ ਸੋਨੀਆ ਗਾਂਧੀ ਹੱਥ ਆਉਣ ਵਾਲੇ ਸਾਲ ਵਿੱਚ ਇਸ ਸਿੱਖ ਆਗੂ ਨੇ ਕਾਂਗਰਸ ਦੀ ਟਿਕਟ ਉੱਤੇ ਦਿੱਲੀ ਵਿਧਾਨ ਸਭਾ ਦੀ ਚੋਣ ਲੜੀ ਅਤੇ ਜਿੱਤ ਗਿਆ ਸੀ ਤੇ ਫਿਰ ਪੰਦਰਾਂ ਸਾਲ ਓਸੇ ਕਾਂਗਰਸ ਵੱਲੋਂ ਦਿੱਲੀ ਦਾ ਵਿਧਾਇਕ ਬਣਦਾ ਰਿਹਾ ਸੀ। ਉਸ ਵਕਤ ਉਹ ਇੰਦਰਾ ਗਾਂਧੀ ਦੇ ਸੋਹਲੇ ਗਾਉਣ ਵਾਲੇ ਲੋਕਾਂ ਦੀ ਕਤਾਰ ਵਿੱਚ ਖੜਾ ਦਿਖਾਈ ਦੇਂਦਾ ਸੀ ਤੇ ਬਾਅਦ ਵਿੱਚ ਅਕਾਲੀ ਦਲ ਤੋਂ ਹੁੰਦਾ ਹੋਇਆ ਅੱਜਕੱਲ੍ਹ ਉਹ ਭਾਜਪਾ ਵਿੱਚ ਪਹੁੰਚ ਕੇ ਰਾਹੁਲ ਗਾਂਧੀ ਨੂੰ ਓਸੇ ਹਸ਼ਰ ਦੀ ਧਮਕੀ ਦੇਂਦਾ ਪਿਆ ਹੈ। ਜੇ ਦੇਸ਼ ਦੀ ਰਾਜਨੀਤੀ ਇਹੋ ਜਿਹੇ ਡੱਡੂ ਵਾਂਗ ਛੜੱਪੇ ਮਾਰਨ ਵਾਲੇ ਲੀਡਰਾਂ ਦੀ ਭਾਸ਼ਾ ਤੋਂ ਤੈਅ ਹੋਣ ਲੱਗ ਪਈ ਤਾਂ ਹਾਲਾਤ ਵਿਗੜਨ ਵਿੱਚ ਜਿਹੜੀ ਕੋਈ ਕਸਰ ਬਾਕੀ ਰਹਿੰਦੀ ਹੈ, ਉਹ ਵੀ ਨਿਕਲ ਜਾਵੇਗੀ, ਪਰ ਕਿਸੇ ਨੂੰ ਇਸ ਦੀ ਚਿੰਤਾ ਨਹੀਂ।

ਕਾਂਗਰਸ ਪਾਰਟੀ ਜਦੋਂ ਕੇਂਦਰ ਵਿੱਚ ਵੀ ਤੇ ਰਾਜ ਸਰਕਾਰਾਂ ਦੇ ਵੱਡੇ ਹਿੱਸੇ ਉੱਤੇ ਵੀ ਉਹ ਪੂਰੀ ਕਾਬਜ਼ ਹੁੰਦੀ ਸੀ ਤਾਂ ਉਹ ਆਮ ਲੋਕਾਂ ਨਾਲ ਅਤੇ ਖਾਸ ਕਰ ਕੇ ਘੱਟ-ਗਿਣਤੀਆਂ ਨਾਲ ਵਧੀਕੀਆਂ ਕਰਨ ਵਿੱਚ ਕੋਈ ਕਸਰ ਨਹੀਂ ਰਹਿਣ ਦੇਂਦੀ ਸੀ, ਪਰ ਅੱਜਕੱਲ੍ਹ ਉਹ ਸੱਤਾ ਤੋਂ ਲਾਂਭੇ ਹੈ ਅਤੇ ਉਹੋ ਸਾਰਾ ਕੁਝ ਭਾਜਪਾ ਕਰਦੀ ਪਈ ਹੈ। ਫਰਕ ਸਿਰਫ ਇਹ ਹੈ ਕਿ ਕਾਂਗਰਸ ਆਪਣੇ ਐਲਾਨਾਂ ਵਿੱਚ ਕਿਸੇ ਇੱਕ ਖਾਸ ਘੱਟ-ਗਿਣਤੀ ਬਾਰੇ ਓਦਾਂ ਦੀ ਕੁੜੱਤਣ ਦੀ ਭਾਵਨਾ ਦਾ ਪ੍ਰਗਟਾਵਾ ਨਹੀਂ ਸੀ ਕਰਦੀ, ਪਰ ਭਾਜਪਾ ਉਸ ਖਾਸ ਭਾਈਚਾਰੇ ਬਾਰੇ ਆਪਣੀ ਨਫਰਤ ਲੁਕਾਏ ਬਿਨਾਂ ਬਾਕੀ ਭਾਈਚਾਰਿਆਂ ਵਾਸਤੇ ਮੋਹ ਜਾਂ ਹਮਦਰਦੀ ਦਾ ਵਿਖਾਵਾ ਕਰਨ ਦਾ ਯਤਨ ਕਰਦੀ ਹੈ। ਜਿਨ੍ਹਾਂ ਭਾਈਚਾਰਿਆਂ ਵੱਲ ਭਾਜਪਾ ਆਗੂ ਅੱਜਕੱਲ੍ਹ ਬਾਹਲੇ ਮੋਹ ਦਾ ਪ੍ਰਭਾਵ ਪਾਉਣ ਦਾ ਯਤਨ ਕਰਦੇ ਹਨ, ਸਿੱਖ ਭਾਈਚਾਰਾ ਉਨ੍ਹਾਂ ਵਿੱਚੋਂ ਹੈ, ਪਰ ਰਿਕਾਰਡ ਦੱਸਦਾ ਹੈ ਕਿ ਦੇਸ਼ ਆਜ਼ਾਦ ਹੋਣ ਦੀ ਘੜੀ ਤੋਂ ਲੈ ਕੇ ਭਾਜਪਾ ਜਾਂ ਇਸ ਦਾ ਇਸ ਤੋਂ ਪਹਿਲਾ ਰੂਪ 'ਭਾਰਤੀ ਜਨ ਸੰਘ' ਇੱਕ ਖਾਸ ਵਿਰੋਧ ਦੀ ਧਾਰਨਾ ਉੱਤੇ ਚੱਲਦਾ ਰਿਹਾ ਹੈ। ਕਾਂਗਰਸ ਉੱਤੇ ਦੋਸ਼ ਲੱਗਦਾ ਹੈ ਕਿ ਜਦੋਂ ਸਾਰੇ ਭਾਰਤ ਵਿੱਚ ਭਾਸ਼ਾ ਆਧਾਰ ਉੱਤੇ ਰਾਜਾਂ ਦੀ ਹੱਦਬੰਦੀ ਅਤੇ ਮਾਨਤਾ ਸ਼ੁਰੂ ਕੀਤੀ ਜਾਣ ਲੱਗੀ ਸੀ ਤਾਂ ਪੰਜਾਬ ਨੂੰ ਇਹੋ ਹੱਕ ਦੇਣ ਤੋਂ ਨਾਂਹ ਕਰਦੀ ਸੀ। ਇਹ ਦੋਸ਼ ਬਿਲਕੁਲ ਠੀਕ ਹੈ, ਪਰ ਇਹ ਗੱਲ ਨਾਲ ਨੋਟ ਕੀਤੀ ਜਾਣ ਵਾਲੀ ਹੈ ਕਿ ਜਦੋਂ ਕਦੀ ਅਕਾਲੀ ਆਗੂ 'ਪੰਜਾਬੀ ਸੂਬਾ' ਲੈਣ ਦੀ ਗੱਲ ਕਰਦੇ ਜਾਂ ਮੋਰਚਾ ਲਾਉਂਦੇ ਸਨ ਤਾਂ ਉਨ੍ਹਾਂ ਅੱਗੇ ਪਹਿਲਾ ਅੜਿੱਕਾ ਜਨ ਸੰਘ ਲਾਇਆ ਕਰਦੀ ਸੀ। ਆਪਣੀ ਮੰਗ ਲਈ ਅਕਾਲੀ ਆਗੂ ਦਰਬਾਰ ਸਾਹਿਬ ਵਿੱਚ ਮਰਨ ਵਰਤ ਰੱਖਣ ਲੱਗਦੇ ਤਾਂ ਮਸਾਂ ਦੋ ਸੌ ਗਜ਼ ਦੂਰ ਮਲਕਾ ਦੇ ਬੁੱਤ ਕੋਲ ਤੰਬੂ ਗੱਡ ਕੇ ਭਾਜਪਾ ਦਾ ਇੱਕ ਆਗੂ ਮਰਨ ਵਰਤ ਰੱਖ ਕੇ ਬੈਠ ਜਾਂਦਾ ਅਤੇ ਇਸ ਮੰਗ ਦੇ ਵਿਰੁੱਧ ਮੈਦਾਨ ਮੱਲ ਲਿਆ ਕਰਦਾ ਸੀ। ਇਹ ਵਰਤਾਰਾ ਬੋਲੀ ਦੇ ਆਧਾਰ ਉੱਤੇ ਅਜੋਕਾ ਪੰਜਾਬ ਬਣਾਉਣ ਦੀ ਮੰਗ ਮੰਨੇ ਜਾਣ ਤੱਕ ਏਦਾਂ ਹੀ ਚੱਲਦਾ ਰਿਹਾ ਸੀ ਅਤੇ ਉਸ ਦੇ ਬਾਅਦ ਦੀ ਰਾਜਨੀਤੀ ਵਿੱਚ ਵੀ ਜਨ ਸੰਘ ਦੀ ਇਹ ਸੋਚ ਪ੍ਰਗਟ ਹੁੰਦੀ ਰਹੀ ਸੀ।

ਕੁਝ ਲੋਕ 1967 ਦੀਆਂ ਉਨ੍ਹਾਂ ਆਮ ਚੋਣਾਂ ਨੂੰ ਕੁੜੱਤਣ ਦਾ ਇੱਕ ਪੜਾਅ ਪੂਰਾ ਹੋਣਾ ਮੰਨਦੇ ਹਨ, ਜਿਨ੍ਹਾਂ ਮਗਰੋਂ ਪੰਜਾਬ ਵਿੱਚ ਪਹਿਲੀ ਵਾਰੀ ਗੈਰ ਕਾਂਗਰਸੀ ਸਰਕਾਰ ਬਣੀ ਅਤੇ ਅਕਾਲੀ ਮੁੱਖ ਮੰਤਰੀ ਦੀ ਅਗਵਾਈ ਵਿੱਚ ਭਾਰਤੀ ਜਨ ਸੰਘ ਦੇ ਉਹ ਲੋਕਮੰਤਰੀ ਬਣੇ ਸਨ, ਜਿਹੜੇ ਪਿੱਛੋਂ ਭਾਜਪਾ ਬਣਾਉਣ ਵਾਲਿਆਂ ਵਿੱਚ ਸ਼ਾਮਲ ਸਨ। ਇਹ ਠੀਕ ਹੈ ਕਿ ਇਸ ਦਾ ਪਹਿਲਾ ਪ੍ਰਭਾਵ ਇਸ ਰਾਜ ਵਿੱਚ ਹਿੰਦੂ-ਸਿੱਖ ਏਕੇ ਵਾਲਾ ਸੀ, ਪਰ ਜਦੋਂ ਪੰਜਾਬ ਸਰਕਾਰ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪੰਜ ਸੌ ਸਾਲਾ ਪ੍ਰਕਾਸ਼ ਦਿਵਸ ਮੌਕੇ ਅੰਮ੍ਰਿਤਸਰ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਬਣਾਉਣ ਦਾ ਫੈਸਲਾ ਲਿਆ ਤਾਂ ਹਿੰਦੂ-ਸਿੱਖ ਏਕੇ ਦੀਆਂ ਗੱਲਾਂ ਕਰਨ ਵਾਲੇ ਜਨ ਸੰਘੀ ਆਗੂ ਅਸਤੀਫੇ ਦੇ ਕੇ ਬਾਹਰ ਹੋ ਗਏ ਸਨ। ਅੱਜ ਉਹ ਕਾਂਗਰਸ ਨੂੰ 'ਪੰਡਿਤ ਨਹਿਰੂ ਵੇਲੇ ਤੋਂ' ਸਿੱਖਾਂ ਦੀ ਵਿਰੋਧੀ ਦੱਸਦੇ ਹਨ ਤੇ ਇਸ ਵਿੱਚੋਂ ਕਈ ਗੱਲਾਂ ਠੀਕ ਵੀ ਕਹਿੰਦੇ ਹਨ, ਪਰ ਆਪਣੇ ਬਾਰੇ ਨਹੀਂ ਦੱਸਦੇ ਕਿ ਉਨ੍ਹਾਂ ਨੇ ਵੀ ਕਈ ਵਾਰੀ ਸਿੱਖਾਂ ਨਾਲ ਇਹ ਕੁਝ ਕੀਤਾ ਹੋਇਆ ਹੈ। ਭਾਜਪਾ ਲੀਡਰ ਅੱਜਕੱਲ੍ਹ ਅਪਰੇਸ਼ਨ ਬਲਿਊ ਸਟਾਰ ਦੀ ਮੰਦ-ਭਾਗੀ ਕਾਰਵਾਈ ਲਈ ਇਕੱਲੀ ਕਾਂਗਰਸ ਨੂੰ ਦੋਸ਼ੀਦੱਸਣਅਤੇ ਆਪਣੀ ਭੂਮਿਕਾ ਲੁਕਾਉਣ ਦਾ ਯਤਨ ਕਰਦੇ ਹਨ। ਸੱਚਾਈ ਇਹ ਹੈ ਕਿ ਉਸ ਘਟਨਾ ਤੋਂ ਬਾਅਦ ਪਾਰਲੀਮੈਂਟ ਦਾ ਪਹਿਲਾ ਸੈਸ਼ਨ ਜਦੋਂ ਹੋਇਆ ਤਾਂ ਉਸ ਵਿੱਚ ਭਾਜਪਾ ਲੀਡਰ ਅਟਲ ਬਿਹਾਰੀ ਵਾਜਪਾਈ ਨੇ ਇਸ ਨੂੰ ਠੀਕ, ਪਰ ਦੇਰੀ ਨਾਲ ਕੀਤੀ ਗਈ ਕਾਰਵਾਈ ਕਿਹਾ ਸੀ। ਉਹ ਗੱਲ ਬਾਅਦ ਵਿੱਚ ਸ਼ਾਇਦ ਆਈ-ਗਈ ਹੋ ਜਾਂਦੀ, ਪਰ ਵਾਜਪਾਈ ਸਰਕਾਰ ਦੇ ਵਕਤ ਉਨ੍ਹਾ ਨਾਲ ਡਿਪਟੀ ਪ੍ਰਧਾਨ ਮੰਤਰੀ ਬਣਾਏ ਗਏ ਲਾਲ ਕ੍ਰਿਸ਼ਨ ਅਡਵਾਨੀ ਨੇ 'ਮਾਈ ਕੰਟਰੀ, ਮਾਈ ਲਾਈਫ' ਸਿਰਲੇਖ ਵਾਲੀ ਆਪਣੀ ਜੀਵਨੀ ਲਿਖੀ ਤਾਂ ਉਸ ਵਿੱਚ ਇਹ ਗੱਲ ਲਿਖ ਦਿੱਤੀ ਕਿ ਇੰਦਰਾ ਗਾਂਧੀ ਅਪਰੇਸ਼ਨ ਬਲਿਊ ਕਰਨ ਨੂੰ ਮੰਨਦੀ ਨਹੀਂ ਸੀ, ਭਾਜਪਾ ਲੀਡਰਾਂ ਨੇ ਦਬਾਅ ਪਾ ਕੇ ਕਰਵਾਇਆ ਸੀ। ਜਿਹੜੇ ਲੀਡਰ ਖੁਦ ਕਹਿੰਦੇ ਰਹੇ ਸਨ ਕਿ ਇੰਦਰਾ ਗਾਂਧੀ ਤੋਂ ਦਬਾਅ ਪਾ ਕੇ ਉਨ੍ਹਾਂ ਨੇ ਇਹ ਫੌਜੀ ਕਰਵਾਈ ਕਰਵਾਈ ਸੀ, ਉਨ੍ਹਾਂ ਦੇ ਪਿਛਲੱਗ ਅੱਜ ਉਸ ਅਪਰੇਸ਼ਨ ਨੂੰ ਕਾਂਗਰਸ ਦੀ ਸਿੱਖਾਂ ਨਾਲ ਦੁਸ਼ਮਣੀ ਦਾ ਰੰਗ ਦੇ ਕੇ ਪੇਸ਼ ਕਰਦੇ ਅਤੇ ਆਪਣੀ ਭੂਮਿਕਾ ਛੁਪਾ ਜਾਣਾ ਚਾਹੁੰਦੇ ਹਨ।

ਇਤਹਾਸ ਕਦੇ ਵੀ ਕੁਝ ਪੜਾਵਾਂ ਤੱਕ ਸੀਮਤ ਨਹੀਂ ਹੁੰਦਾ ਅਤੇ ਕਦੇ ਇੱਕ ਥਾਂ ਜਾ ਕੇ ਰੁਕਦਾ ਨਹੀਂ, ਇਹ ਅਗਲੇ ਪੜਾਅ ਪਾਰ ਕਰਦਾ ਨਵਾਂ ਕਈ ਕੁਝਚੰਗਾ ਵੀ ਅਤੇ ਮਾੜਾ ਵੀ ਇਸ ਦੁਨੀਆਂ ਮੂਹਰੇ ਪਰੋਸਦਾ ਰਹਿੰਦਾ ਹੈ ਅਤੇ ਅੱਜ ਵੀ ਇਹ ਇਤਹਾਸਕ ਵਰਾਤਾਰਾ ਜਾਰੀ ਹੈ। ਸਭ ਨੂੰ ਪਤਾ ਹੈ ਕਿ ਦਿੱਲੀ ਦੇ ਬਾਰਡਰਾਂ ਉੱਤੇ ਜਦੋਂ ਸੰਘਰਸ਼ ਕਰਨ ਪਹੁੰਚੇ ਹੋਏ ਕਿਸਾਨਾਂ ਦੇ ਕਾਰਨ ਕੇਂਦਰ ਸਰਕਾਰ ਮੁਸ਼ਕਲ ਵਿੱਚ ਸੀ, ਉਨ੍ਹਾਂ ਕਿਸਾਨਾਂ ਵਿੱਚ ਵੱਡੀ ਗਿਣਤੀਕਿਉਂਕਿ ਸਿੱਖ ਕਿਸਾਨਾਂ ਦੀ ਸੀ, ਇਸ ਲਈ ਭਾਜਪਾ ਆਗੂਆ ਨੇ ਕਿਸਾਨ ਮੋਰਚੇ ਨੂੰ ਖਾਲਿਸਤਾਨੀ ਸਾਜ਼ਿਸ਼ ਅਤੇ ਕਿਸਾਨ ਲੀਡਰਾਂ ਨੂੰ ਪਾਕਿਸਤਾਨ ਦੇ ਏਜੰਟ ਤੱਕ ਆਖਿਆ ਸੀ। ਇਹ ਗੱਲ ਕਹਿਣ ਵੇਲੇ ਭਾਜਪਾ ਆਗੂਆਂ ਨੇ ਇਹ ਸੱਚ ਅੱਖੋਂ ਓਹਲੇ ਕਰ ਦਿੱਤਾ ਸੀ ਕਿ ਉਨ੍ਹਾਂ ਵਿੱਚ ਬੜੀ ਵੱਡੀ ਗਿਣਤੀ ਵਿੱਚ ਹਰਿਆਣਾ ਦੇ ਕਿਸਾਨ ਵੀ ਸਨ ਅਤੇ ਉਨ੍ਹਾਂ ਵਿੱਚ ਹਰ ਧਰਮ ਨਾਲ ਜੁੜੇ ਕਿਸਾਨਾਂ ਦੇ ਉਸ ਇਕੱਠ ਦੀ ਇੱਕਸੁਰਤਾ ਉਨ੍ਹਾਂ ਦੇ ਨਾਅਰਿਆਂ ਤੱਕ ਸੀਮਤ ਨਹੀਂ ਸੀ, ਲੰਗਰ ਵੀ ਸਾਂਝਾ ਬਣਦਾ ਸੀ। ਕਾਂਗਰਸ ਦੇ ਲੀਡਰਾਂ ਦੀ ਸਿਆਸਤ ਵਿੱਚ ਕੁਚੱਜ ਅਤੇ ਲੋਕਾਂ ਨਾਲ ਕੀਤੇ ਧੱਕਿਆਂ ਦੀ ਕਹਾਣੀ ਆਪਣੀ ਥਾਂ ਹੈ ਅਤੇ ਉਸ ਨੂੰ ਅੱਖੋਂ ਓਹਲੇ ਕੋਈ ਨਹੀਂ ਕਰਨਾ ਚਾਹੇਗਾ, ਪਰ ਭਾਜਪਾ ਨੇ ਵੀ ਦੇਸ਼ ਦੇ ਆਮ ਲੋਕਾਂ ਨਾਲ ਘੱਟ ਨਹੀਂ ਕੀਤੀ। ਜਿੰਦਾਂ ਦੇ ਪੁੱਠੇ ਕੰਮ ਕਾਂਗਰਸੀ ਕਰਿਆ ਕਰਦੇ ਸਨ, ਹਰ ਵਿਗੜੇ ਹੋਏ ਅਤੇ ਬਦਨਾਮ ਕਾਂਗਰਸੀ ਆਗੂ ਨੂੰ ਆਪਣੇ ਵਿੱਚ ਰਲਾਉਣ ਲਈ ਤਿਆਰ ਰਹਿਣ ਵਾਲੀ ਭਾਜਪਾ ਦੇ ਆਗੂ ਵੀ ਉਹ ਸਾਰੇ ਪੁੱਠੇ ਕੰਮ ਕਰਦੇ ਹਨ ਅਤੇ ਸਗੋਂ ਇਨ੍ਹਾਂ ਪੁੱਠੇ ਕੰਮਾਂ ਨੂੰ ਆਪਣੀ ਫਿਰਕੂ ਸੋਚ ਦੀ ਪੁੱਠ ਚਾੜ੍ਹ ਕੇ ਹੋਰ ਵੱਡੇ ਗੁਨਾਹ ਕਰਦੇ ਪਏ ਹਨ। ਦੋਵਾਂ ਧਿਰਾਂ ਦੀ ਸੋਚ ਵਿੱਚ ਇੱਕ ਪਾਸੇ ਸਿੱਧੀ ਤਾਂ ਦੂਸਰੇ ਪਾਸੇ ਲੁਕਵੀਂ ਤੰਗਨਜ਼ਰੀ ਦਾ ਫਰਕ ਹੁੰਦਾ ਹੈ, ਪਰ ਜਦੋਂ ਇਨ੍ਹਾਂ ਦੋਵਾਂ ਦਾ ਤੋਲ-ਤੁਲਾਵਾ ਕਰਨ ਦੀ ਲੋੜ ਪਵੇ ਤਾਂ ਸਿੱਖਾਂ ਸਣੇ ਸਾਰੀਆਂ ਘੱਟ-ਗਿਣਤੀਆਂ ਬਾਰੇ ਭਾਜਪਾ ਦੇ ਗੁਨਾਹ ਕਾਂਗਰਸ ਤੋਂ ਘੱਟ ਨਹੀਂ ਨਿਕਲਣੇ। ਭਾਰਤ ਦੇ ਲੋਕਾਂ ਦੀ ਬਦਕਿਸਮਤੀ ਹੈ ਕਿ ਉਨ੍ਹਾਂ ਸਾਹ-ਮਣੇ ਇਸ ਵਕਤ ਵੀ ਕੋਈ ਤੀਸਰਾ ਬਦਲ ਨਹੀਂ ਅਤੇ ਉਹ ਇਨ੍ਹਾਂ ਦੋਵਾਂ ਨੂੰ ਭੁਗਤਦੇ ਪਏ ਹਨ।

CAPITAL SERVICES
INSURANCE | VEHICLE REG. | IMMIGRATION | NOTARY PUBLIC | LIVE SCAN
ਸੈਕਰਾਮੈਂਟੋ, ਕੈਲੀਫੋਰਨੀਆ
AUTO • HOME • TRUCK • BUSINESS • LIFE • MEDICAL
ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.
Vehicle Registration (Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779
Other Services
* Live Scan / Fingerprints
* Covered California.
* Drug Testing * Alcohol Test
* Notary Services
* International Driver Lic.
Lic. 6000947
Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us

CAPITAL DRUG TESTING
Drug and Alcohol Test
DOT / NON DOT
Capital DRUG TESTING
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse, DOT Supervisor Training, SAP Classes Etc.
Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com

# ਸਥਾਨਕ ਸੱਭਿਆਚਾਰਾਂ ਦਾ ਖਾਤਮਾ ਅਤੇ ਡਿਜੀਟਲ ਉਪਨਿਵੇਸ਼ ਦਾ ਉਭਾਰ

-ਵਿਜੈ ਗਰਗ-

ਅਸੀਂ ਵੱਧ ਤੋਂ ਵੱਧ ਡਿਜੀਟਲ ਪਲੇਟਫਾਰਮਾਂ 'ਤੇ ਭਰੋਸਾ ਕਰ ਰਹੇ ਹਾਂ ਜਿਸਦਾ ਸਥਾਨਕ ਸਭਿਆਚਾਰਾਂ ਅਤੇ ਵਿਚਾਰ ਪ੍ਰਕਿਰਿਆਵਾਂ 'ਤੇ ਬਹੁਤ ਵੱਡਾ ਪ੍ਰਭਾਵ ਪੈਂਦਾ ਹੈ। ਇਹ ਸਾਡੀ ਸੱਭਿਆਚਾਰਕ ਪਛਾਣ ਦੇ ਭਵਿੱਖ ਬਾਰੇ ਗੰਭੀਰ ਚਿੰਤਾਵਾਂ ਪੈਦਾ ਕਰਦਾ ਹੈ ਕੋਈ ਸਮਾਂ ਸੀ ਜਦੋਂ ਪਿੰਡ ਦੇ ਲੋਕ ਇੱਕ ਦੂਜੇ ਨੂੰ ਜਾਣਦੇ ਸਨ। ਇੱਕ ਵਿਅਕਤੀ ਦੇ ਵਿਵਹਾਰ ਵਿੱਚ ਇੱਕ ਮਿੰਟ ਦੀ ਤਬਦੀਲੀ ਦੂਜਿਆਂ ਦੇ ਧਿਆਨ ਵਿੱਚ ਲਿਆਵੇਗੀ। ਉਸ ਸਮਾਜ ਵਿੱਚ ਬੱਚੇ ਸੁਰੱਖਿਅਤ ਸਨ। ਸਾਡੇ ਦੇਸ਼ ਦੇ ਹਰ ਕਸਬੇ ਜਾਂ ਹਰ ਸਥਾਨ ਦੀ ਆਪਣੀ ਸੰਸਕ੍ਰਿਤੀ, ਪਰੰਪਰਾਵਾਂ, ਭਾਸ਼ਾ, ਖਾਣ-ਪੀਣ ਦੀਆਂ ਆਦਤਾਂ, ਪੈਦਾ ਕੀਤੇ ਉਤਪਾਦਾਂ ਅਤੇ ਇੱਥੋਂ ਤੱਕ ਕਿ ਦੱਸਣ ਲਈ ਇੱਕ ਕਹਾਣੀ ਵਿੱਚ ਵਿਲੱਖਣਤਾ ਹੈ। ਬਸਤੀਵਾਦ, ਬਾਹਰੀ ਅਤੇ ਅੰਦਰੂਨੀ ਦੋਵੇਂ ਤਰ੍ਹਾਂ, ਇੱਕ ਸਮੂਹ ਦੁਆਰਾ ਦੂਜੇ ਉੱਤੇ ਨਿਯੰਤਰਣ ਦੇ ਅਭਿਆਸ ਦੁਆਰਾ ਵਿਸ਼ੇਸ਼ਤਾ, ਨੇ ਇਤਿਹਾਸ ਨੂੰ ਮੁੜ ਲਿਖਣ ਨੂੰ ਡੂੰਘਾ ਪ੍ਰਭਾਵਤ ਕੀਤਾ ਹੈ। ਇਸਦੇ ਪਿੱਛੇ ਪ੍ਰੇਰਣਾ ਬਹੁਤ ਸਾਰੇ ਹਨ, ਆਰਥਿਕ ਲਾਭ, ਖੇਤਰੀ ਵਿਸਥਾਰ, ਧਾਰਮਿਕ ਪਰਿਵਰਤਨ, ਅਤੇ ਭੂ-ਰਾਜਨੀਤਿਕ ਸ਼ਕਤੀ, ਹੋਰ ਵਿਚਾਰਾਂ ਦੇ ਨਾਲ। ਪਹਿਲੇ ਸਮਿਆਂ ਵਿੱਚ, ਇਹ ਵਿਦੇਸ਼ੀ ਸਨ ਜੋ ਸਥਾਨਕ ਭਾਈਚਾਰੇ ਵਿੱਚ ਘੁਸਪੈਠ ਕਰਦੇ ਸਨ; ਹੁਣ, ਮੂਲ ਲੋਕਾਂ ਦੇ ਇੱਕ ਸਥਾਨ ਤੋਂ ਦੂਜੇ ਸਥਾਨ 'ਤੇ ਜਾਣ ਨਾਲ ਇੱਕ ਖੇਤਰ ਦੀ ਜਨਸੰਖਿਆ ਪ੍ਰੋਫਾਈਲ ਨੂੰ ਬਦਲ ਦਿੱਤਾ ਗਿਆ ਹੈ। ਬਹੁਤ ਸਾਰੇ ਵਿਅਕਤੀਆਂ ਲਈ, ਬਸਤੀਵਾਦ ਦੇ ਨਤੀਜੇ ਵਿਨਾਸ਼ਕਾਰੀ ਰਹੇ ਹਨ, ਨਤੀਜੇ ਵਜੋਂ ਸੱਭਿਆਚਾਰਕ ਰੀਤੀ-ਰਿਵਾਜਾਂ ਦੀ ਜਾਣਬੁੱਝ ਕੇ ਤਬਾਹੀ, ਵਿਅਕਤੀਆਂ ਦਾ ਸ਼ੋਸ਼ਣ, ਅਤੇ ਜ਼ਬਰਦਸਤੀ ਆਬਾਦੀ ਦਾ ਵਿਸਥਾਪਨ. ਬਸਤੀਵਾਦ ਦੇ ਕਾਰਨ ਸਭਿਆਚਾਰਕ ਮਿਟਾਉਣਾ ਇਸਦੇ ਸਭ ਤੋਂ ਸਥਾਈ ਪ੍ਰਭਾਵਾਂ ਵਿੱਚੋਂ ਇੱਕ ਹੈ। ਬਸਤੀਵਾਦੀਆਂ ਨੇ ਅਕਸਰ ਆਪਣੇ ਸਭਿਆਚਾਰਾਂ ਨੂੰ ਉੱਤਮ ਵਜੋਂ ਦਰਸਾਇਆ, ਜਿਸ ਨਾਲ ਸਵਦੇਸ਼ੀ ਭਾਸ਼ਾਵਾਂ, ਧਰਮਾਂ ਅਤੇ ਰੀਤੀ-ਰਿਵਾਜਾਂ ਨੂੰ ਦਬਾਇਆ ਜਾਂਦਾ ਹੈ। ਉਸ ਪ੍ਰਕਿਰਿਆ ਵਿੱਚ, ਅਸੀਂ ਸਥਾਨਕ ਅਰਥਚਾਰਿਆਂ ਨੂੰ ਵੀ ਗੁਆ ਦਿੱਤਾ ਜੋ ਸਾਡੇ ਸਮਾਜ ਵਿੱਚ ਪ੍ਰਫੁੱਲਤ ਸਨ। ਇੱਥੋਂ ਤੱਕ ਕਿ ਕਿਸੇ ਰਾਜ ਜਾਂ ਖੇਤਰ ਦੇ ਲੋਕਾਂ ਦੁਆਰਾ ਬੋਲੀਆਂ ਜਾਣ ਵਾਲੀਆਂ ਵੱਖ-ਵੱਖ ਉਪਭਾਸ਼ਾਵਾਂ ਵੀ ਬਾਹਰੀ ਆਪਸੀ ਤਾਲਮੇਲ ਕਾਰਨ ਗੁਆਚ ਗਈਆਂ ਹਨ। ਇਹ ਗੱਲ ਉਸ ਸਮੇਂ ਦੌਰਾਨ ਰਚੀਆਂ ਸਾਹਿਤਕ ਰਚਨਾਵਾਂ ਵਿੱਚ ਵੀ ਝਲਕਦੀ ਹੈ। ਬਦਕਿਸਮਤੀ ਨਾਲ, ਬਸਤੀਵਾਦ ਦੇ ਨਾਲ, ਅਸੀਂ ਆਪਣੇ ਸਮਾਜ ਨੂੰ ਇੱਕ ਸਮਾਨ ਬਣਾ ਦਿੱਤਾ ਹੈ। ਇਹ ਉਦੋਂ ਦੇਖਿਆ ਜਾ ਸਕਦਾ ਹੈ ਜਦੋਂ ਅਸੀਂ ਦੇਸ਼ ਭਰ ਵਿੱਚ ਯਾਤਰਾ ਕਰਦੇ ਹਾਂ। ਅਸੀਂ ਆਪਣੇ ਸ਼ਹਿਰਾਂ ਵਿੱਚ ਜਿਸ ਤਰ੍ਹਾਂ ਦਾ ਬੁਨਿਆਦੀ ਢਾਂਚਾ ਬਣਾਇਆ ਹੈ, ਉਸ ਨੇ ਹਰ ਸ਼ਹਿਰ ਨੂੰ ਇੱਕੋ ਜਿਹਾ ਬਣਾ ਦਿੱਤਾ ਹੈ। 90 ਦੇ ਦਹਾਕੇ ਦੇ ਅਖੀਰ ਤੱਕ, ਸਾਡੇ ਦੇਸ਼ ਵਿੱਚ ਹਰ ਜਗ੍ਹਾ ਕਿਸੇ ਵਿਲੱਖਣ ਭੂਗੋਲ, ਇੱਕ ਖਾਸ ਬਾਜ਼ਾਰ, ਜਾਂ ਕਿਸੇ ਵਿਅਕਤੀ ਦੀ ਮੌਜੂਦਗੀ ਦੁਆਰਾ ਜਾਣੀ ਜਾਂਦੀ ਸੀ। ਫਿਰ ਵੀ, ਬਸਤੀਵਾਦ ਨੇ ਮੂਲ ਅਤੇ ਬਸਤੀਵਾਦੀ ਆਬਾਦੀ ਵਿਚਕਾਰ ਗਿਆਨ, ਸੱਭਿਆਚਾਰ, ਖਾਣ-ਪੀਣ ਦੀਆਂ ਆਦਤਾਂ, ਸੰਕਲਪਾਂ ਅਤੇ ਤਕਨਾਲੋਜੀ ਦੇ ਆਦਾਨ-ਪ੍ਰਦਾਨ ਦੀ ਅਗਵਾਈ ਕੀਤੀ ਹੈ। 21ਵੀਂ ਸਦੀ ਵਿੱਚ, ਇੰਟਰਨੈਟ ਨੇ ਇੱਕ ਨਵੀਂ ਕਿਸਮ ਦਾ ਬਸਤੀਵਾਦ ਲਿਆਇਆ ਹੈ ਜਿਸ ਨੇ ਸਾਡੇ ਸਮਾਜ ਵਿੱਚ ਘੁਸਪੈਠ ਕਰਨੀ ਸ਼ੁਰੂ ਕਰ ਦਿੱਤੀ ਹੈ। ਬਸਤੀਕਰਨ ਦੇ ਇਸ ਨਵੇਂ ਰੂਪ ਨੂੰ ਡਿਜੀਟਲ ਉਪਨਿਵੇਸ਼ ਵਜੋਂ ਜਾਣਿਆ ਜਾਂਦਾ ਹੈ। "ਡਿਜੀਟਲ ਬਸਤੀਵਾਦ" ਸ਼ਬਦ ਬਹੁਤ ਸਾਰੇ ਬਹੁ-ਰਾਸ਼ਟਰੀ ਤਕਨਾਲੋਜੀ ਕਾਰੋਬਾਰਾਂ ਦੇ ਦਬਦਬੇ ਨੂੰ ਦਰਸਾਉਂਦਾ ਹੈ, ਜਿਨ੍ਹਾਂ ਵਿੱਚੋਂ ਜ਼ਿਆਦਾਤਰ ਸੰਯੁਕਤ ਰਾਜ ਅਮਰੀਕਾ ਅਤੇ ਕੁਝ ਅਮੀਰ ਦੇਸ਼ਾਂ ਵਿੱਚ ਅਧਾਰਤ ਹਨ, ਪੂਰੀ ਦੁਨੀਆ ਦੇ ਡਿਜੀਟਲ ਬੁਨਿਆਦੀ ਢਾਂਚੇ ਅਤੇ ਡੇਟਾ ਉੱਤੇ। ਸਾਡੀਆਂ ਸਾਰੀਆਂ ਰੋਜ਼ਾਨਾ ਲੋੜਾਂ ਲਈ, ਅਸੀਂ ਨਿੱਜੀ ਗੱਲਬਾਤ ਦੀ ਮਾਤਰਾ ਨੂੰ ਘਟਾਉਂਦੇ ਹੋਏ, ਡਿਜੀਟਲ ਪਲੇਟਫਾਰਮਾਂ 'ਤੇ ਜ਼ਿਆਦਾ ਭਰੋਸਾ ਕਰਨਾ ਸ਼ੁਰੂ ਕਰ ਦਿੱਤਾ ਹੈ। ਇਹ ਨਵਾਂ ਡਿਜੀਟਲ ਸੱਭਿਆਚਾਰ ਸਾਡੇ ਦੇਸ਼ ਦੇ ਦੂਰ-ਦੁਰਾਡੇ ਦੇ ਹਿੱਸਿਆਂ ਵਿੱਚ ਵੀ ਘੁਸਪੈਠ ਕਰ ਚੁੱਕਾ ਹੈ। ਇਹ ਡਿਜੀਟਲ ਟਾਈਟਨਸ ਸਾਡੀਆਂ ਜ਼ਿੰਦਗੀਆਂ ਵਿੱਚ ਹਰ ਚੀਜ਼ ਨੂੰ ਤਰਜੀਹ ਦਿੰਦੇ ਹਨ, ਜਿਸ ਵਿੱਚ ਸਾਨੂੰ ਕੀ ਖਰੀਦਣਾ ਚਾਹੀਦਾ ਹੈ, ਸਾਨੂੰ ਕਿਸ ਨਾਲ ਦੋਸਤੀ ਕਰਨੀ ਚਾਹੀਦੀ ਹੈ, ਕਿੱਥੇ ਪੜ੍ਹਨਾ ਹੈ, ਕਿਸ ਕੋਰਸ ਦਾ ਅਧਿਐਨ ਕਰਨਾ ਹੈ, ਅਤੇ ਇੱਥੋਂ ਤੱਕ ਕਿ ਜਨਮ ਕਿੱਥੇ ਕਰਨਾ ਹੈ। ਇਹ ਸੰਭਾਵੀ ਤੌਰ 'ਤੇ ਸਥਾਨਕ ਪਰੰਪਰਾਵਾਂ ਅਤੇ ਭਾਸ਼ਾਵਾਂ ਨੂੰ ਨਸ਼ਟ ਕਰ ਸਕਦਾ ਹੈ, ਕਿਉਂਕਿ ਅੱਜ ਵਰਤੇ ਜਾਂਦੇ ਜ਼ਿਆਦਾਤਰ ਭਾਸ਼ਾ ਫਾਰਮੈਟ ਡਿਜੀਟਲ ਪਲੇਟਫਾਰਮਾਂ ਦੇ ਅਨੁਕੂਲ ਬਣਾਏ ਗਏ ਹਨ। ਡਿਜੀਟਲ ਪਲੇਟਫਾਰਮ 'ਤੇ ਜੋ ਵੀ ਉਪਲਬਧ ਹੈ, ਉਸ 'ਤੇ ਲੋਕ ਅੰਨ੍ਹੇਵਾਹ ਵਿਸ਼ਵਾਸ ਕਰਨ ਲੱਗੇ। ਨਸ਼ਾ ਇੰਨਾ ਗੰਭੀਰ ਹੈ ਕਿ ਦਿੱਲੀ-ਐਨਸੀਆਰ ਦੇ ਆਟੋ ਅਤੇ ਟੈਕਸੀ ਡਰਾਈਵਰ, ਜਿਨ੍ਹਾਂ ਕੋਲ ਵਧੀਆ ਨੈਵੀਗੇਸ਼ਨ ਹੁਨਰ ਸੀ।ਪਹਿਲਾਂ ਦਿਮਾਗ ਦੀ ਵਰਤੋਂ ਕਰਦੇ ਹੋਏ, ਗੂਗਲ ਮੈਪਸ 'ਤੇ ਸ਼ਿਫਟ ਹੋ ਗਏ ਹਨ। ਗਲੋਬਲ ਆਈ.ਟੀ. ਦਿੱਗਜ ਵੱਖ-ਵੱਖ ਕਾਰਨਾਂ ਕਰਕੇ ਇੱਕ ਯੂਨੀਵਰਸਲ ਡਿਜੀਟਲ ਸੱਭਿਆਚਾਰ ਨੂੰ ਉਤਸ਼ਾਹਿਤ ਕਰਦੇ ਹਨ, ਜਿਨ੍ਹਾਂ ਵਿੱਚੋਂ ਬਹੁਤ ਸਾਰੇ ਉਹਨਾਂ ਦੇ ਵਪਾਰਕ ਮਾਡਲਾਂ ਅਤੇ ਵਿਕਾਸ ਦੀਆਂ ਰਣਨੀਤੀਆਂ ਨਾਲ ਜੁੜੇ ਹੋਏ ਹਨ। ਹਾਲਾਂਕਿ ਇਹ ਡਿਜੀਟਲ ਸੱਭਿਆਚਾਰ ਗਲੋਬਲ ਕਨੈਕਟੀਵਿਟੀ, ਜਾਣਕਾਰੀ ਦੀ ਪਹੁੰਚ ਅਤੇ ਸਹਿਯੋਗ ਨੂੰ ਉਤਸ਼ਾਹਿਤ ਕਰਦਾ ਹੈ, ਇਸ ਵਿੱਚ ਖੇਤਰੀ ਵਿਭਿੰਨਤਾ ਅਤੇ ਰਵਾਇਤੀ ਜੀਵਨ ਸ਼ੈਲੀ ਨੂੰ ਅਸਪ-ਸ਼ਟ ਕਰਨ ਦੀ ਸਮਰੱਥਾ ਵੀ ਹੈ। ਕੁਝ ਤਕਨੀਕੀ ਕੰਪਨੀਆਂ ਦੇ ਹੱਥਾਂ ਵਿੱਚ ਸ਼ਕਤੀ ਦਾ ਕੇਂਦਰੀਕਰਨ, ਸੱਭਿਆਚਾਰਕ ਮਿਟਾਉਣਾ, ਅਤੇ ਗੋਪਨੀਯਤਾ ਇਹਨਾਂ ਕਾਰਪੋਰੇਸ਼ਨਾਂ ਦੇ ਦਬਦਬੇ ਦੁਆਰਾ ਪੈਦਾ ਕੀਤੀਆਂ ਗਈਆਂ ਚਿੰਤਾਵਾਂ ਹਨ।

TechSpirit
Consultation, Installation & Servicing
Specialized in:
• Analog & IP security cameras • Installation & Maintenance, Upgrade • Video Doorbell Installation
Call: 905-621-4100
7-8770 The Gore Road, Brampton, ON L6P 0B1
1080p HD ਦੇ 4 ਸਿਕਉਰਟੀ ਕੈਮਰੇ ਸਿਰਫ $999 ਵਿੱਚ ਲਗਵਾਓ

# ਅਮਨ ਅਰੋੜਾ ਵੱਲੋਂ ਸਨਅਤਕਾਰਾਂ ਨੂੰ ਗਰੀਨ ਊਰਜਾ ਦੇ ਖੇਤਰ ’ਚ ਨਿਵੇਸ਼ ਦਾ ਸੱਦਾ

### ਗਰੀਨ ਊਰਜਾ ਖੇਤਰ ਵਿੱਚ ਨਵੇਂ ਵਿਚਾਰ ਲੈ ਕੇ ਆਉਣ ਵਾਲੇ ਉੱਦਮਾਂ ਨੂੰ ਪੂਰਨ ਸਹਿਯੋਗ ਦਾ ਭਰੋਸਾ




ਚੰਡੀਗੜ੍ਹ, 15 ਸਤੰਬਰ (ਪੋਸਟ ਬਿਊਰੋ): ਸਨਅਤਕਾਰਾਂ ਨੂੰ ਗੈਰ-ਰਵਾਇਤੀ ਅਤੇ ਗਰੀਨ ਊਰਜਾ ਦੇ ਖੇਤਰ ਵਿੱਚ ਨਿਵੇਸ਼ ਲਈ ਉਤਸ਼ਾਹਿਤ ਕਰਦਿਆਂ ਪੰਜਾਬ ਦੇ ਨਵੀਂ ਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਅਮਨ ਅਰੋੜਾ ਨੇ ਗਰੀਨ ਊਰਜਾ ਦੇ ਖੇਤਰ ਵਿੱਚ ਪੰਜਾਬ ਵਿੱਚ ਮੌਜੂਦ ਅਥਾਹ ਸੰਭਾਵਨਾਵਾਂ ਦਾ ਜ਼ਿਕਰ ਕਰਦਿਆਂ ਇਸ ਸਾਫ਼-ਸੁਥਰੀ ਅਤੇ ਟਿਕਾਊ ਊਰਜਾ ਨੂੰ ਅਪਨਾਉਣ 'ਤੇ ਜ਼ੋਰ ਦਿੱਤਾ। ਦੱਸਣਯੋਗ ਹੈ ਕਿ ਪੰਜਾਬ ਗਰੀਨ ਊਰਜਾ ਦੇ ਉਤਪਾਦਨ ਵਿੱਚ ਦੇਸ਼ ਦੇ ਮੋਹਰੀ ਸੂਬਿਆਂ ‘ਚੋਂ ਇੱਕ ਹੈ।

ਇੱਥੇ ਪਰੇਡ ਗਰਾਊਂਡ ਵਿਖੇ ਪੀ.ਐਚ.ਡੀ. ਚੈਂਬਰ ਆਫ਼ ਕਾਮਰਸ ਐਂਡ ਇੰਡਸਟਰੀ ਵੱਲੋਂ ਅੱਜ ਕਰਵਾਏ ਗਏ ਰੀਜਨਲ ਐਨਰਜੀ ਟਰਾਂਜ਼ਿਸ਼ਨ ਐਂਡ ਸਸਟੇਨੇਬਿਲਟੀ ਸੰਮੇਲਨ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਸ੍ਰੀ ਅਮਨ ਅਰੋੜਾ ਨੇ ਨਵੇਂ ਉੱਦਮਾਂ (ਸਟਾਰਟਅੱਪਜ਼) ਨੂੰ ਇਸ ਪਹਿਲਕਦਮੀ ਵਿੱਚ ਸਹਿਯੋਗ ਦੇਣ ਦੀ ਅਪੀਲ ਕਰਦਿਆਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਉਨ੍ਹਾਂ ਨੂੰ ਹਰ ਸੰਭਵ ਸਹਾਇਆ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ।

ਸੌਰ ਊਰਜਾ ਦੇ ਖੇਤਰ ਵਿੱਚ ਪੰਜਾਬ ਸਰਕਾਰ ਦੇ ਯਤਨਾਂ ‘ਤੇ ਚਾਨਣਾ ਪਾਉਂਦਿਆਂ ਉਨ੍ਹਾਂ ਦੱਸਿਆ ਕਿ ਖੇਤੀਬਾੜੀ ਵਾਸਤੇ ਬਿਜਲੀ ਲੋੜਾਂ ਨੂੰ ਪੂਰਾ ਕਰਨ ਲਈ ਬਠਿੰਡਾ ਦੇ ਪਿੰਡ ਤਰਖਾਣਵਾਲਾ ਵਿੱਚ 4 ਮੈਗਾਵਾਟ ਦਾ ਸੋਲਰ ਪੀ.ਵੀ. ਪਲਾਂਟ ਪਹਿਲਾਂ ਹੀ ਸ਼ੁਰੂ ਕੀਤਾ ਜਾ ਚੁੱਕਾ ਹੈ ਅਤੇ ਇਸ ਪ੍ਰਾਜੈਕਟ ਨਾਲ ਸਲਾਨਾ ਲਗਭਗ 6.65 ਮਿਲੀਅਨ ਯੂਨਿਟ ਬਿਜਲੀ ਪੈਦਾ ਹੋਣ ਦੀ ਉਮੀਦ ਹੈ। ਉਨ੍ਹਾਂ ਦੱਸਿਆ ਕਿ ਪੇਡਾ ਵੱਲੋਂ ਬਠਿੰਡਾ ਜ਼ਿਲ੍ਹੇ ਵਿੱਚ ਕੁੱਲ 12 ਮੈਗਾਵਾਟ ਦੀ ਸਮਰੱਥਾ ਵਾਲੇ ਤਿੰਨ ਹੋਰ ਸੋਲਰ ਪਾਵਰ ਪਲਾਂਟ (ਹਰੇਕ 4 ਮੈਗਾਵਾਟ) ਸਥਾਪਤ ਕੀਤੇ ਜਾਣਗੇ।

ਇਸ ਤੋਂ ਇਲਾਵਾ ਸੂਬਾ ਸਰਕਾਰ ਵੱਲੋਂ ਚਾਰ-ਚਾਰ ਮੈਗਾਵਾਟ ( ਕੁੱਲ 264 ਮੈਗਾਵਾਟ) ਸਮਰੱਥਾ ਦੇ 66 ਸੋਲਰ ਪਾਵਰ ਪਲਾਂਟ ਸਥਾਪਤ ਕਰਨ 'ਤੇ ਵਿਚਾਰ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਪ੍ਰਾਜੈਕਟ ਦੇ ਪੂਰਾ ਹੋਣ ‘ਤੇ ਸਾਲਾਨਾ ਲਗਭਗ 390 ਮਿਲੀਅਨ ਯੂਨਿਟ (ਐਮ.ਯੂ.) ਬਿਜਲੀ ਪੈਦਾ ਹੋਣ ਦੀ ਉਮੀਦ ਹੈ। ਇਸ ਤੋਂ ਇਲਾਵਾ ਪੇਡਾ ਨੇ ਸੂਬੇ ਭਰ ਵਿੱਚ 20,000 ਸੋਲਰ ਖੇਤੀ ਪੰਪ ਲਗਾਉਣ ਲਈ ਕਿਸਾਨਾਂ ਤੋਂ ਅਰਜ਼ੀਆਂ ਵੀ ਮੰਗੀਆਂ ਹਨ।


ਅਮਨ ਅਰੋੜਾ ਨੇ ਦੱਸਿਆ ਕਿ ਪਰਾਲੀ ਸਾੜਨ ਦੀ ਸਮੱਸਿਆ ਦੇ ਹੱਲ ਵਾਸਤੇ ਪੇਡਾ ਵੱਲੋਂ ਕੰਪਰੈੱਸਡ ਬਾਇਓਗੈਸ (ਸੀ.ਬੀ.ਜੀ.) ਪ੍ਰਾਜੈਕਟਾਂ, ਬਾਇਓਮਾਸ ਪਾਵਰ ਪ੍ਰੋਜੈਕਟਾਂ ਅਤੇ ਬਾਇਓ-ਈਥਾਨੌਲ ਪ੍ਰਾਜੈਕਟਾਂ ਵਿੱਚ ਪਰਾਲੀ ਦੀ ਵਰਤੋਂ ਕਰਨ ਲਈ ਵੀ ਯਤਨ ਕੀਤੇ ਜਾ ਰਹੇ ਹਨ। ਇਸ ਤੋਂ ਇਲਾਵਾ ਸੂਬੇ ਵਿੱਚ ਗਰੀਨ ਊਰਜਾ ਨੂੰ ਉਤਸ਼ਾਹਿਤ ਕਰਨ ਲਈ ਗਰੀਨ ਹਾਈਡ੍ਰੋਜਨ ਨੀਤੀ ਦਾ ਖਰੜਾ ਵੀ ਤਿਆਰ ਕੀਤਾ ਗਿਆ ਹੈ।

ਪੇਡਾ ਦੇ ਮੁੱਖ ਕਾਰਜਕਾਰੀ ਸ੍ਰੀ ਸੰਦੀਪ ਹਾਂਸ ਨੇ ਕਿਹਾ ਕਿ ਪੇਡਾ, ਗਰੀਨ ਊਰਜਾ ਦੇ ਖੇਤਰ ਵਾਸਤੇ ਨਵੀਨ ਵਿਚਾਰ ਲੈ ਕੇ ਆਉਣ ਵਾਲੇ ਉੱਦਮਾਂ ਨੂੰ ਪੂਰਾ ਸਹਿਯੋਗ ਦੇ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਦਾ ਟੀਚਾ ਸੂਰਜੀ ਊਰਜਾ ਵਿੱਚ ਸਵੈ-ਨਿਰਭਰ ਬਣਨ ਦੇ ਨਾਲ-ਨਾਲ ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ ਪੈਦਾ ਕਰਨਾ ਹੈ।

ਇਸ ਮੌਕੇ ਪੀ.ਐਚ.ਡੀ.ਸੀ.ਸੀ.ਆਈ. ਪੰਜਾਬ ਰਾਜ ਚੈਪਟਰ ਦੇ ਚੇਅਰਮੈਨ ਆਰ.ਐਸ. ਸਚਦੇਵਾ ਨੇ ਮਹਿਮਾਨਾਂ ਦਾ ਨਿੱਘਾ ਸੁਆਗਤ ਕੀਤਾ ਅਤੇ ਦੱਸਿਆ ਕਿ ਇਸ ਸਮਾਗਮ ਦਾ ਮੁੱਖ ਟੀਚਾ ਸੂਰਜੀ ਊਰਜਾ ਦੀ ਵੱਧ ਰਹੀ ਮੰਗ ਅਤੇ ਸੋਲਰ ਤਕਨਾਲੋਜੀ ਵਿੱਚ ਤਰੱਕੀ ਬਾਰੇ ਜਾਗਰੂਕਤਾ ਪੈਦਾ ਕਰਨਾ ਹੈ। ਇਸ ਮੌਕੇ ਪੀ.ਐਚ.ਡੀ.ਸੀ.ਸੀ.ਆਈ. ਦੇ ਸੀ.ਈ.ਓ ਅਤੇ ਸਕੱਤਰ ਜਨਰਲ ਡਾ. ਰਣਜੀਤ ਮਹਿਤਾ, ਸਟਾਰਟਅਪ ਐਂਡ ਐਂਟਰਪ੍ਰਿਨਿਓਰਸ਼ਿਪ ਫੋਰਮ ਕਮੇਟੀ, ਪੀ.ਐਚ.ਡੀ.ਸੀ.ਸੀ.ਆਈ. ਦੇ ਚੇਅਰਮੈਨ ਡਾ.ਜੇ.ਕੇ. ਸ਼ਰਮਾ ਅਤੇ ਕੋ-ਚੇਅਰਮੈਨ ਸੁਪ੍ਰੀਤ ਸਿੰਘ ਵੀ ਮੌਜੂਦ ਸਨ।

# ਜੰਮੂ-ਕਸ਼ਮੀਰ ਦਾ 33 ਕਿਲੋ ਹੈਰੋਇਨ ਬਰਾਮਦਗੀ ਮਾਮਲਾ: ਪੰਜਾਬ ਪੁਲਿਸ ਵੱਲੋਂ ਫੌਜ ਵਿੱਚੋਂ ਭਗੌੜੇ ਹੋਏ ਵਿਅਕਤੀ ਨੂੰ ਕੀਤਾ ਗ੍ਰਿਫ਼ਤਾਰ, 12.5 ਕਿਲੋ ਹੈਰੋਇਨ ਬਰਾਮਦ

### ਬਦਨਾਮ ਭਗੌੜੇ ਅੰਮ੍ਰਿਤ ਪਾਲ ਸਿੰਘ ਬਾਠ ਦੀ ਅਗਵਾਈ ਵਿੱਚ ਦੁਬਈ ਤੋਂ ਚੱਲ ਰਹੇ ਇਸ ਕਾਰਟੇਲ ਦੇ ਅੰਤਰਰਾਸ਼ਟਰੀ ਸਬੰਧ ਹਨ: ਡੀਜੀਪੀ ਗੌਰਵ ਯਾਦਵ




ਚੰਡੀਗੜ੍ਹ, 15 ਸਤੰਬਰ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਨਸ਼ਿਆਂ ਵਿਰੁੱਧ ਵਿੱਢੀ ਜੰਗ ਦੌਰਾਨ ਸਰਹੱਦ ਪਾਰੋਂ ਚੱਲ ਰਹੇ ਨਸ਼ੀਲੇ ਪਦਾਰਥਾਂ ਦੇ ਨੈੱਟਵਰਕ ਨੂੰ ਕਰਾਰੀ ਸੱਟ ਮਾਰਦਿਆਂ ਕਾਊਂਟਰ ਇੰਟੈਲੀਜੈਂਸ ਜਲੰਧਰ ਵੱਲੋਂ ਪਾਕਿ-ਸਤਾਨ ਅਧਾਰਿਤ ਹੈਰੋਇਨ ਤਸਕਰੀ ਦੇ ਰੈਕੇਟ ਨਾਲ ਸਬੰਧਤ ਮੁੱਖ ਸਰਗਨਾ ਤੇ ਫੌਜ ਵਿੱਚੋਂ ਭਗੌੜੇ ਅੰਮ੍ਰਿਤਪਾਲ ਸਿੰਘ ਉਰਫ਼ ਫੌਜੀ ਨੂੰ ਗ੍ਰਿਫ਼ਤਾਰ ਕਰਕੇ ਉਸ ਕੋਲੋਂ 12.5 ਕਿਲੋਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।

ਜ਼ਿਕਰਯੋਗ ਹੈ ਕਿ ਤਰਨਤਾਰਨ ਦੇ ਪਿੰਡ ਕਸੇਲ ਦਾ ਰਹਿਣ ਵਾਲਾ ਮੁਲਜ਼ਮ ਅੰਮ੍ਰਿਤਪਾਲ ਸਿੰਘ ਫੌਜੀ ਅਗਸਤ 2024 ਤੋਂ ਭਗੌੜਾ ਸੀ, ਜਦੋਂ ਉਸ ਦੇ ਸਾਥੀ ਸਰਤਾਜ ਨੂੰ ਜੰਮੂ ਬੱਸ ਸਟੈਂਡ ਤੋਂ 33 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਗਿਆ ਸੀ।

ਡੀਜੀਪੀ ਗੌਰਵ ਯਾਦਵ ਨੇ ਪੁਸ਼ਟੀ ਕੀਤੀ ਹੈ ਕਿ ਇਸ ਕਾਰਟੈਲ ਦੇ ਅੰਤਰਰਾਸ਼ਟਰੀ ਸਬੰਧ ਹਨ ਕਿਉਂਕਿ ਇਸ ਦਾ ਸੰਚਾਲਨ ਬਦਨਾਮ ਭਗੌੜੇ ਅੰਮ੍ਰਿਤ ਪਾਲ ਸਿੰਘ ਬਾਠ ਵਾਸੀ ਪਿੰਡ ਮੀਆਂਪੁਰ, ਤਰਨਤਾਰਨ ਵੱਲੋਂ ਕੀਤਾ ਜਾ ਰਿਹਾ ਹੈ ਅਤੇ ਉਹ ਇਸ ਸਮੇਂ ਦੁਬਈ ਤੋਂ ਇਸ ਕਾਰਟੈਲ ਦਾ ਸੰਚਾਲਨ ਕਰ ਰਿਹਾ ਹੈ। ਜ਼ਿਕਰਯੋਗ ਹੈ ਕਿ ਉਹ ਇੱਕ ਬਦਨਾਮ ਗੈਂਗਸਟਰ/ਸਮੱਗਲਰ ਹੈ, ਜਿਸ ਦੇ ਖਿਲਾਫ ਪੰਜਾਬ ਦੇ ਵੱਖ-ਵੱਖ ਥਾਣਿਆਂ ਵਿੱਚ ਦੋ ਕਤਲ ਕੇਸਾਂ ਸਮੇਤ 15 ਤੋਂ 20 ਕੇਸ ਦਰਜ ਹਨ।

ਡੀਜੀਪੀ ਨੇ ਦੱਸਿਆ ਕਿ ਭਰੋਸੇਮੰਦ ਖੁਫੀਆ ਸੂਹ 'ਤੇ ਤੇਜ਼ੀ ਨਾਲ ਕਾਰਵਾਈ ਕਰਦੇ ਹੋਏ ਕਾਊਂਟਰ ਇੰਟੈਲੀਜੈਂਸ ਜਲੰਧਰ ਦੀਆਂ ਟੀਮਾਂ ਨੇ ਜਲੰਧਰ ਦੇ ਪਿੰਡ ਕੰਗਣੀਵਾਲ ਦੇ ਨਹਿਰੀ ਪੁਲ 'ਤੇ ਵਿਸ਼ੇਸ਼ ਨਾਕਾ ਲਗਾਇਆ ਅਤੇ ਅੰਮ੍ਰਿਤਪਾਲ ਫੌਜੀ ਨੂੰ 200 ਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕਰ ਲਿਆ, ਜਦੋਂ ਕਿ ਅਗਲੇਰੀ ਜਾਂਚ ਦੌਰਾਨ ਮੁਲਜ਼ਮ ਵੱਲੋਂ ਦੱਸੇ ਟਿਕਾਣੇ ਤਰਨਤਾਰਨ ਤੋਂ ਪਿੰਡ ਜੋਧਪੁਰ ਨੂੰ ਜਾਂਦੀ ਲਿੰਕ ਸੜਕ ਤੋਂ 12.4 ਕਿਲੋਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ। ਉਨ੍ਹਾਂ ਦੱਸਿਆ ਕਿ ਪੁਲੀਸ ਟੀਮਾਂ ਨੇ ਪਲੈਟੀਨਾ ਮੋਟਰਸਾਈਕਲ (ਪੀਬੀ 08 ਈਐਲ 5952), ਜਿਸ ’ਤੇ ਮੁਲਜ਼ਮ ਅੰਮ੍ਰਿਤਪਾਲ ਫੌਜੀ ਜਾ ਰਿਹਾ ਸੀ, ਨੂੰ ਵੀ ਜ਼ਬਤ ਕਰ ਲਿਆ ਹੈ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਏਆਈਜੀ ਸੀਆਈ ਜਲੰਧਰ ਨਵਜੋਤ ਸਿੰਘ ਮਾਹਲ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਤੋਂ ਪੁੱਛਗਿੱਛ ਦੌਰਾਨ ਖੁਲਾਸਾ ਹੋਇਆ ਹੈ ਕਿ ਉਸ ਨੇ ਅਤੇ ਉਸ ਦੇ ਸਾਥੀ ਨੇ ਪਿਛਲੇ ਮਹੀਨੇ ਅਖਨੂਰ ਸੈਕਟਰ ਤੋਂ 50 ਕਿਲੋ ਹੈਰੋਇਨ ਦੀ ਖੇਪ ਪ੍ਰਾਪਤ ਕੀਤੀ ਸੀ, ਜਿਸ ਵਿੱਚੋਂ 33 ਕਿਲੋ ਹੈਰੋਇਨ ਉਸ ਦੇ ਸਾਥੀ ਸਰਤਾਜ ਕੋਲ ਸੀ ਜਿਸ ਨੂੰ ਜੰਮੂ-ਕਸ਼ਮੀਰ ਪੁਲਿਸ ਨੇ ਗ੍ਰਿਫ਼ਤਾਰ ਕੀਤਾ ਸੀ।

ਉਨ੍ਹਾਂ ਦੱਸਿਆ ਕਿ ਅੰਮ੍ਰਿਤਪਾਲ ਫੌਜੀ ਦੇ ਸਾਥੀ ਦੀ ਗ੍ਰਿਫ਼ਤਾਰੀ ਉਪਰੰਤ ਉਸ ਨੇ ਬਾਕੀ ਬਚੀ ਹੈਰੋਇਨ ਨੂੰ ਕਿਸੇ ਖਾਲੀ ਥਾਂ 'ਤੇ ਛੁਪਾ ਦਿੱਤਾ ਸੀ। ਉਨ੍ਹਾਂ ਕਿਹਾ ਕਿ ਇਸ ਦੇ ਅਗਲੇ-ਪਿਛਲੇ ਸਬੰਧ ਸਥਾਪਤ ਕਰਨ ਲਈ ਅਗਲੇਰੀ ਜਾਂਚ ਕੀਤੀ ਜਾ ਰਹੀ ਹੈ।

ਇਸ ਸਬੰਧੀ ਐਫਆਈਆਰ ਨੰਬਰ 57 ਮਿਤੀ 13.09.2024 ਨੂੰ ਥਾਣਾ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ (ਐਸਐਸਓਸੀ), ਅੰਮ੍ਰਿਤਸਰ ਵਿਖੇ ਐਨਡੀਪੀਐਸ ਐਕਟ ਦੀ ਧਾਰਾ 21 ਅਤੇ 29 ਤਹਿਤ ਮਾਮਲਾ ਦਰਜ ਕੀਤਾ ਗਿਆ ਹੈ।

# ਈ.ਐੱਸ.ਆਈ.ਸੀ. ਹਸਪਤਾਲ ਵਿੱਚ ਨਵਾਂ ਆਈ.ਸੀ.ਯੂ. ਵਾਰਡ ਬਣ ਕੇ ਹੋਇਆ ਤਿਆਰ : ਐੱਮ.ਪੀ. ਸੰਜੀਵ ਅਰੋੜਾ



ਲੁਧਿਆਣਾ, 15 ਸਤੰਬਰ (ਗਿਆਨ ਸਿੰਘ): ਲੁਧਿਆਣਾ ਵਿਖੇ ਸਥਿਤ ਈਐਸਆਈ ਕਾਰਪੋਰੇਸ਼ਨ (ਈਐਸਆਈਸੀ) ਮਾਡਲ ਹਸਪਤਾਲ ਵਿੱਚ 73.03 ਲੱਖ ਰੁਪਏ ਦੀ ਲਾਗਤ ਨਾਲ ਇੱਕ ਨਵੇਂ ਇੰਟੈਂਸਿਵ ਕੇਅਰ ਯੂਨਿਟ (ਆਈਸੀਯੂ) ਵਾਰਡ ਦਾ ਨਿਰਮਾਣ ਮੁਕੰਮਲ ਹੋ ਗਿਆ ਹੈ। ਇਹ 10.58 ਕਰੋੜ ਰੁਪਏ ਦੀ ਲਾਗਤ ਨਾਲ ਹਸਪਤਾਲ ਦੀਆਂ ਵੱਖ-ਵੱਖ ਸਹੂਲਤਾਂ ਨੂੰ ਅਪਗ੍ਰੇਡ ਅਤੇ ਨਵੀਨੀਕਰਨ ਲਈ ਚੱਲ ਰਹੇ ਕੰਮਾਂ ਦਾ ਹਿੱਸਾ ਸੀ। ਲੁਧਿਆਣਾ ਤੋਂ ਸੰਸਦ ਮੈਂਬਰ (ਰਾਜ ਸਭਾ) ਸੰਜੀਵ ਅਰੋੜਾ ਦੀ ਪਹਿਲਕਦਮੀ 'ਤੇ ਹਾਲ ਹੀ ਵਿੱਚ ਸੁਵਿਧਾਵਾਂ ਨੂੰ ਅਪਗ੍ਰੇਡ ਕਰਨ ਦਾ ਸਮੁੱਚਾ ਕੰਮ ਸ਼ੁਰੂ ਕੀਤਾ ਗਿਆ ਸੀ।

ਅਰੋੜਾ ਨੇ ਐਤਵਾਰ ਨੂੰ ਇੱਥੇ ਇੱਕ ਬਿਆਨ ਵਿੱਚ ਕਿਹਾ, "ਮੈਨੂੰ ਸਬੰਧਤ ਅਧਿਕਾਰੀਆਂ ਵੱਲੋਂ ਸੂਚਿਤ ਕੀਤਾ ਗਿਆ ਹੈ ਕਿ ਹਸਪਤਾਲ ਦੀ ਗਰਾਊਂਡ ਫਲੋਰ 'ਤੇ ਆਈਸੀਯੂ ਵਾਰਡ ਦੇ ਨਵੀਨੀਕਰਨ ਦਾ ਕੰਮ ਪੂਰਾ ਹੋ ਗਿਆ ਹੈ।" ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਖੁਸ਼ੀ ਹੈ ਕਿ ਉਨ੍ਹਾਂ ਦੀ ਕੋਸ਼ਿਸ਼ ਆਖਰਕਾਰ ਸਫਲ ਹੋਈ ਹੈ। ਉਨ੍ਹਾਂ ਦੱਸਿਆ ਕਿ ਆਈਸੀਯੂ ਦਾ ਨਵੀਨੀਕਰਨ ਜ਼ਰੂਰੀ ਸੀ ਕਿਉਂਕਿ ਇਹ ਜੀਵਨ ਬਚਾਉਣ ਵਾਲੇ ਦਖਲ ਪ੍ਰਦਾਨ ਕਰਕੇ, ਗੰਭੀਰ ਰੂਪ ਵਿੱਚ ਬਿਮਾਰ ਮਰੀਜ਼ਾਂ ਨੂੰ ਸਥਿਰ ਕਰਨ, ਅਤੇ ਉਹਨਾਂ ਦੀ ਬਿਮਾਰੀ ਜਾਂ ਰਿਕਵਰੀ ਦੇ ਸਭ ਤੋਂ ਨਾਜ਼ੁਕ ਪੜਾਵਾਂ ਦੌਰਾਨ ਉੱਚ ਪੱਧਰੀ ਦੇਖਭਾਲ ਪ੍ਰਾਪਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ।

ਅਰੋੜਾ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਈ.ਐੱਸ.ਆਈ.ਸੀ ਮਾਡਲ ਹਸਪਤਾਲ, ਲੁਧਿਆਣਾ ਵਿਖੇ ਆਈ.ਸੀ.ਯੂ. ਵਿੱਚ ਸਹੂਲਤਾਂ ਦੀ ਘਾਟ ਹੋਣ ਕਾਰਨ ਬਹੁਤ ਸਾਰੇ ਗੰਭੀਰ ਮਰੀਜ਼ਾਂ ਨੂੰ ਪ੍ਰਾਈਵੇਟ ਹਸਪਤਾਲਾਂ ਵਿੱਚ ਭੇਜਿਆ ਜਾਂਦਾ ਸੀ। ਉਨ੍ਹਾਂ ਆਸ ਪ੍ਰਗਟਾਈ ਕਿ ਹੁਣ ਸਾਰੇ ਗੰਭੀਰ ਮਰੀਜ਼ਾਂ ਦਾ ਇਲਾਜ ਹਸਪਤਾਲ ਵਿੱਚ ਹੀ ਹੋਵੇਗਾ ਅਤੇ ਉਨ੍ਹਾਂ ਨੂੰ ਪ੍ਰਾਈਵੇਟ ਹਸਪਤਾਲਾਂ ਵਿੱਚ ਸ਼ਿਫਟ ਕਰਨ ਦੀ ਲੋੜ ਨਹੀਂ ਪਵੇਗੀ। ਨਾਲ ਹੀ, ਉਨ੍ਹਾਂ ਉਮੀਦ ਪ੍ਰਗਟਾਈ ਕਿ ਨਵੇਂ ਬਣਿਆ ਆਈਸੀਯੂ ਵਿੱਚ ਮਰੀਜ਼ਾਂ ਨੂੰ ਸਮੇਂ ਸਿਰ ਅਤੇ ਵਧੀਆ ਇਲਾਜ ਪ੍ਰਦਾਨ ਕਰਨ ਦੇ ਯੋਗ ਹੋਵੇਗਾ।

ਇਸ ਤੋਂ ਇਲਾਵਾ, ਅਰੋੜਾ ਨੇ ਕਿਹਾ ਕਿ ਉਨ੍ਹਾਂ ਨੂੰ ਸਬੰਧਤ ਅਧਿਕਾਰੀਆਂ ਵੱਲੋਂ ਇਹ ਵੀ ਦੱਸਿਆ ਗਿਆ ਸੀ ਕਿ 49.73 ਲੱਖ ਰੁਪਏ ਦੀ ਲਾਗਤ ਨਾਲ ਮੈਡੀਕਲ ਗੈਸ ਪਾਈਪ ਲਾਈਨ ਦਾ ਵਿਸਤਾਰ ਪਹਿਲਾਂ ਹੀ ਪੂਰਾ ਕੀਤਾ ਜਾ ਚੁੱਕਾ ਹੈ। ਉਨ੍ਹਾਂ ਕਿਹਾ ਕਿ ਇਹ ਵੀ ਇੱਕ ਵੱਡੀ ਪ੍ਰਾਪਤੀ ਹੈ ਕਿਉਂਕਿ ਇਸ ਨਾਲ ਹਸਪਤਾਲ ਦੇ ਕੰਮਕਾਜ ਵਿੱਚ ਹੋਰ ਸੁਧਾਰ ਹੋਵੇਗਾ। ਉਨ੍ਹਾਂ ਦੱਸਿਆ ਕਿ ਵੇਟ ਰਾਈਜ਼ਰ ਅਤੇ ਸਪ੍ਰਿੰਕਲਰ ਸਿਸਟਮ ਅਤੇ ਆਟੋਮੈਟਿਕ ਫਾਇਰ ਅਲਾਰਮ ਸਿਸਟਮ ਨਾਲ ਫਾਇਰ ਫਾਈਟਿੰਗ ਸਿਸਟਮ ਦਾ 83 ਫੀਸਦੀ ਕੰਮ ਪੂਰਾ ਹੋ ਚੁੱਕਾ ਹੈ। ਉਨ੍ਹਾਂ ਦੱਸਿਆ ਕਿ ਸੀ.ਪੀ.ਡਬਲਿਊ.ਡੀ ਵੱਲੋਂ ਇਹ ਕੰਮ 4.68 ਕਰੋੜ ਰੁਪਏ ਦੀ ਲਾਗਤ ਨਾਲ ਕੀਤਾ ਜਾ ਰਿਹਾ ਹੈ ਅਤੇ ਇਹ ਕੰਮ ਇਸ ਸਾਲ 31 ਦਸੰਬਰ ਤੱਕ ਮੁਕੰਮਲ ਹੋਣ ਦੀ ਸੰਭਾਵਨਾ ਹੈ।

ਅਰੋੜਾ ਨੇ ਦੱਸਿਆ ਕਿ 4.68 ਕਰੋੜ ਰੁਪਏ ਦੀ ਲਾਗਤ ਨਾਲ ਚਾਰ 320 ਟੀਆਰ ਊਰਜਾ ਕੁਸ਼ਲ ਕੇਂਦਰੀ ਏਸੀ ਪਲਾਂਟ (ਹਰੇਕ ਪਲਾਂਟ 80 ਟੀ.ਆਰ.) ਮੁਹੱਈਆ ਕਰਵਾਉਣ ਲਈ ਸੰਸ਼ੋਧਿਤ ਵਿਸਥਾਰਤ ਅਨੁਮਾਨ ਰਸਮੀ ਪ੍ਰਵਾਨਗੀ ਲਈ ਪੇਸ਼ ਕੀਤਾ ਗਿਆ ਹੈ। ਇਸ ਸਬੰਧੀ ਟੈਂਡਰ ਸੀ.ਪੀ.ਡਬਲਿਊ.ਡੀ ਵੱਲੋਂ ਪ੍ਰਕਿਰਿਆ ਅਧੀਨ ਹੈ।

ਹਸਪਤਾਲ ਦੀ ਸਥਾਪਨਾ 1969 ਵਿੱਚ ਕੀਤੀ ਗਈ ਸੀ। ਇਹ 10.3 ਏਕੜ ਵਿੱਚ ਫੈਲਿਆ ਹੋਇਆ ਹੈ ਅਤੇ ਵਰਤਮਾਨ ਵਿੱਚ ਚਾਰ ਲੱਖ ਤੋਂ ਵੱਧ ਬੀਮਾਯੁਕਤ ਕਾਮਿਆਂ ਦੀ ਸੇਵਾ ਕਰਦਾ ਹੈ। ਇਸ ਸਾਲ ਅਗਸਤ ਵਿੱਚ, ਅਰੋੜਾ ਨੇ ਕੇਂਦਰੀ ਕਿਰਤ ਅਤੇ ਰੁਜ਼ਗਾਰ ਮੰਤਰੀ ਡਾ: ਮਨਸੁਖ ਮੰਡਵੀਆ ਨਾਲ ਮੁਲਾਕਾਤ ਕੀਤੀ ਸੀ ਅਤੇ ਹਸਪਤਾਲ ਦੀਆਂ ਸਹੂਲਤਾਂ ਨੂੰ ਅਪਗ੍ਰੇਡ ਕਰਨ ਲਈ ਫੰਡਾਂ ਨੂੰ ਮਨਜ਼ੂਰੀ ਅਤੇ ਜਾਰੀ ਕਰਨ ਲਈ ਉਨ੍ਹਾਂ ਦਾ ਧੰਨਵਾਦ ਕੀਤਾ ਸੀ। ਅਰੋੜਾ ਇਸ ਹਸਪਤਾਲ ਦੀ ਬੈੱਡ ਸਮਰੱਥਾ ਨੂੰ 500 ਤੱਕ ਵਧਾਉਣ ਲਈ ਵੀ ਉਪਰਾਲੇ ਕਰ ਰਹੇ ਹਨ। ਉਨ੍ਹਾਂ ਨੇ ਪਹਿਲਾਂ ਹੀ ਡਾ. ਮਾਂਡਵੀਆ ਨੂੰ ਇਸ ਮਹੱਤਵਪੂਰਨ ਪਹਿਲਕਦਮੀ ਨੂੰ ਤਰਜੀਹ ਦੇਣ ਅਤੇ ਤੇਜ਼ ਕਰਨ ਲਈ ਡੀਜੀ ਈਐਸਆਈਸੀ ਨਾਲ ਸਿੱਧਾ ਦਖਲ ਦੇਣ ਦੀ ਬੇਨਤੀ ਕੀਤੀ ਹੈ।

# ਸਬਸਿਡੀ ਉੱਪਰ ਖੇਤੀ ਮਸ਼ੀਨਰੀ ਲੈਣ ਦੇ ਚਾਹਵਾਨ ਕਿਸਾਨ 19 ਸਤੰਬਰ ਤੱਕ ਬਿਨੈ ਪੱਤਰ ਦੇ ਸਕਦੇ ਹਨ : ਡਿਪਟੀ ਕਮਿਸ਼ਨਰ



ਫਰੀਦਕੋਟ, 15 ਸਤੰਬਰ (ਗਿਆਨ ਸਿੰਘ): ਜ਼ਿਲ੍ਹਾ ਫਰੀਦਕੋਟ ਵਿੱਚ ਸਾਲ 2024-25 ਦੌਰਾਨ ਝੋਨੇ ਦੀ ਪਰਾਲੀ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਜ਼ੀਰੋ ਪੱਧਰ ਤੇ ਲਿਆਉਣ ਲਈ ਜ਼ਿਲਾ ਪ੍ਰਸ਼ਾਸਣ ਵੱਲੋਂ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ ਜਿਸ ਤਹਿਤ ਝੋਨੇ ਦੀ ਪਰਾਲੀ ਨੂੰ ਅੱਗ ਲੱਗਣ ਦੀਆਂ ਵਧੇਰੇ ਘਟਨਾਵਾਂ ਵਾਲੇ ( ਹਾਟ ਸਪਾਟ) ਪਿੰਡਾਂ ਵਿੱਚ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ।ਇਸ ਬਾਰੇ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀ ਵਿਨੀਤ ਕੁਮਾਰ ਨੇ ਦੱਸਿਆ ਕਿ ਸਾਲ 2023-24 ਦੌਰਾਨ ਜ਼ਿਲਾ ਫਰੀਦਕੋਟ ਵਿੱਚ 30 ਅਜਿਹੇ ਪਿੰਡ, ਜਿੰਨਾਂ ਵਿੱਚ ਝੋਨੇ ਦੀ ਪਰਾਲੀ ਨੂੰ ਅੱਗ ਲੱਗਣ ਦੀਆਂ 20 ਜਾਂ 20 ਤੋਂ ਵੱਧ ਘਟਨਾਵਾਂ ਦਰਜ ਕੀਤੀਆਂ ਗਈ ਸਨ, ਵੱਲ ਵਧੇਰੇ ਧਿਆਨ ਦਿੱਤਾ ਜਾ ਰਿਹਾ ਹੈ।

ਉਨ੍ਹਾਂ ਦੱਸਿਆ 10 ਅਜਿਹੇ ਪਿੰਡਾਂ ਵਿੱਚ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪ੍ਰਸ਼ਾਸ਼ਨਿਕ ਅਤੇ ਪੰਜਾਬ ਪੁਲਿਸ ਦੇ ਅਧਿਕਾਰੀ ਪਹੁੰਚ ਕੇ ਕਿਸਾਨਾਂ ਤੋਂ ਅੱਗ ਲੱਗਣ ਦੀਆਂ ਘਟਨਾਵਾਂ ਦੇ ਕਾਰਨਾਂ ਦਾ ਪਤਾ ਲਗਾ ਰਹੇ ਹਨ ਤਾਂ ਜੋ ਉਸ ਮੁਤਾਬਿਕ ਵਿਉਂਤਬੰਦੀ ਕੀਤੀ ਜਾ ਸਕੇ।ਉਨਾਂ ਦੱਸਿਆ ਕਿ ਉਲੀਕੇ ਗਏ ਪ੍ਰੋਗਰਾਮ ਅਨੁਸਾਰ ਮਿਤੀ 16 ਸਤੰਬਰ 2024 ਨੂੰ ਪੱਕਾ ਅਤੇ ਰੋੜੀ ਕਪੂਰਾ ਮਿਤੀ 17 ਸਤੰਬਰ ਨੂੰ ਜੈਤੋ ਅਤੇ ਕੋਟਕਪੂਰਾ ਮਿਤੀ 18 ਸਤੰਬਰ ਨੂੰ ਡੋਡ ਅਤੇ ਬਿਸ਼ਨੰਦੀ ਅਤੇ 19 ਸਤੰਬਰ ਨੂੰ ਗੋਲੇਵਾਲ ਪਿੰਡਾਂ ਵਿੱਚ ਸਵੇਰੇ 10 ਵਜੇ ਵਿਸ਼ੇਸ਼ ਮੀਟਿੰਗਾਂ ਕੀਤੀਆਂ ਜਾਣਗੀਆਂ।

ਉਨਾਂ ਦੱਸਿਆ ਕਿ ਜਿੰਨਾਂ ਕਿਸਾਨਾਂ ਦੇ ਕਾਗਜ਼ਾਤ ਦਰੁਸਤ ਪਾਏ ਗਏ ਹਨ, ਉਨਾਂ ਨੂੰ 465 ਖੇਤੀ ਮਸ਼ੀਨਾਂ ਖ੍ਰੀਦਣ ਲਈ ਮਨਜ਼ੂਰੀ ਪੱਤਰ ਜਾਰੀ ਕੀਤੇ ਜਾ ਚੁੱਕੇ ਹਨ ।ਉਨਾਂ ਮਨਜ਼ੂਰੀ ਪੱਤਰ ਪ੍ਰਾਪਤ ਕਰ ਚੁੱਕੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਜ਼ਲਦ ਤੋਂ ਜਲਦ ਖੇਤੀ ਮਸ਼ੀਨਰੀ ਖ੍ਰੀਦ ਲਈ ਜਾਵੇ ਤਾਂ ਜੋ ਭੌਤਿਕੀ ਤਸਦੀਕ ਕਰਨ ਉਪਰੰਤ ਸਬਸਿਡੀ ਦੀ ਰਕਮ ਲਾਭਪਾਤਰੀਆਂ ਦੇ ਖਾਤੇ ਵਿੱਚ ਪਾਈ ਜਾ ਸਕੇ।

ਉਨਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦੀ ਸਹੂਲਤ ਲਈ ਝੋਨੇ ਦੀ ਪਰਾਲੀ ਦੇ ਸੁਚੱਜੇ ਪ੍ਰਬੰਧਨ ਲਈ ਕਿਸਾਨਾਂ ਨੂੰ ਫਸਲੀ ਰਹਿੰਦ ਖੂੰਹਦ ਪ੍ਰਬੰਧਨ ਸਕੀਮ ਤਹਿਤ ਸਬਸਿਡੀ ਤੇ ਖੇਤੀ ਮਸ਼ੀਨਰੀ ਮੁਹੱਈਆ ਕਰਵਾਉਣ ਲਈ ਆਨਲਾਈਨ ਪੋਰਟਲ ਦੁਬਾਰਾ ਖੋਲ ਦਿੱਤਾ ਗਿਆ ਹੈ ।ਉਨਾਂ ਦੱਸਿਆ ਕਿ ਉਹ ਕਿਸਾਨ ਜਿੰਨਾਂ ਅਜੇ ਤੱਕ ਅਰਜੀਆਂ ਨਹੀਂ ਦਿੱਤੀਆਂ,ਉਹ 19 ਸਤੰਬਰ ਨੂੰ ਸ਼ਾਮ 5 ਵਜੇ ਤੱਕ ਆਨਲਾਈਨ ਪੋਰਟ ਤੇ ਅਰਜੀਆਂ ਜਮਾਂ ਕਰਵਾ ਸਕਦੇ ਹਨ।ਉਨਾਂ ਦੱਸਿਆ ਕਿ ਇਸ ਸਕੀਮ ਤਹਿਤ ਨਿੱਜੀ ਕਿਸਾਨ (50% ਸਬਸਿਡੀ) ਅਤੇ ਕਸਟਮ ਹਾਇਰਿੰਗ ਸੈਂਟਰ (80% ਸਬਸਿਡੀ) ਜਿਵੇਂ ਕਿ ਪੰਚਾਇਤ, ਕਿਸਾਨ ਉਤਪਾਦਕ ਸੰਗਠਨ, ਰਜਿਸਟਰਡ ਫਾਰਮਰ ਗਰੁੱਪ,ਅਤੇ ਸਹਿਕਾਰੀ ਸਭਾ ਬਿਨੈਪੱਤਰ ਦੇ ਸਕਦੇ ਹਨ।

ਉਨਾਂ ਦੱਸਿਆ ਕਿ ਇਸ ਸਕੀਮ ਤਹਿਤ ਟਰੈਕਟਰ 60 ਹਾਰਸ ਪਾਵਰ ਜਾਂ ਵੱਧ (ਕੇਵਲ ਗਰੁੱਪਾਂ ਲਈ), ਸੁਪਰ ਐਸ.ਐਮ.ਐਸ, ਹੈਪੀ ਸੀਡਰ, ਸਮਾਰਟ ਸੀਡਰ, ਪੈਡੀ ਸਟਰਾਅ ਚੌਪਰ, ਮਲਚਰ, ਰੋਟਰੀ ਸਲੈਸ਼ਰ, ਉਲਟਾਵੇਂ ਹਲ, ਜੀਰੋ ਟਿਲ ਡਰਿਲ, ਸੁਪਰ ਸੀਡਰ, ਸਰਫੇਸ ਸੀਡਰ, ਬੇਲਰ, ਰੇਕ ਅਤੇ ਕਰਾਪ ਰੀਪਰ ਉਪਰ ਸਬਸਿਡੀ ਲਈ ਅਪਲਾਈ ਕੀਤਾ ਜਾ ਸਕਦਾ ਹੈ।ਉਨਾਂ ਕਿਹਾ ਕਿ ਇਸ ਸਕੀਮ ਬਾਰੇ ਵਧੇਰੇ ਜਾਣਕਾਰੀ ਲਈ ਫਰੀਦਕੋਟ ਜਿਲ੍ਹੇ ਦੇ ਮੁੱਖ ਖੇਤੀਬਾੜੀ ਅਫਸਰ, ਸਹਾਇਕ ਖੇਤੀਬਾੜੀ ਇੰਜੀਨੀਅਰ ਜਾਂ ਆਪਣੇ ਹਲਕੇ ਦੇ ਖੇਤੀਬਾੜੀ ਵਿਕਾਸ / ਵਿਸਥਾਰ ਅਫਸਰ ਨਾਲ ਸੰਪਰਕ ਕਰ ਸਕਦੇ ਹਨ।

# ਨੈਸ਼ਨਲ ਲੋਕ ਅਦਾਲਤ ਵਿਚ 26998 ਕੇਸਾਂ ਦਾ ਅਪਸੀ ਰਜ਼ਾਮੰਦੀ ਨਾਲ ਕੀਤਾ ਗਿਆ ਨਿਪਟਾਰਾ



ਸ੍ਰੀ ਮੁਕਤਸਰ ਸਾਹਿਬ, 15 ਸਤੰਬਰ (ਗਿਆਨ ਸਿੰਘ): ਕਾਰਜਕਾਰੀ ਚੇਅਰਮੈਨ, ਗੁਰਮੀਤ ਸਿੰਘ ਸੰਧਾਵਾਲੀਆ, ਜੱਜ ਪੰਜਾਬ ਅਤੇ ਹਰਿਆਣਾ ਹਾਈ ਕੋਰਟ, ਚੰਡੀਗੜ੍ਹ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਸ਼ੈਸ਼ਨ ਡਵੀਜਨ ਵਿਖੇ ਰਾਜ ਕੁਮਾਰ, ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ-ਸਾਹਿਤ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ੍ਰੀ ਮੁਕਤਸਰ ਸਾਹਿਬ ਦੀ ਪ੍ਰਧਾਨਗੀ ਹੇਠ ਨੈਸ਼ਨਲ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ ।

ਨੈਸ਼ਨਲ ਲੋਕ ਅਦਾਲਤ ਵਿਚ 8 ਬੈਂਚ ਸ੍ਰੀ ਮੁਕਤਸਰ ਸਾਹਿਬ ਵਿਖੇ; 3 ਸਬ ਡਵੀਜਨ ਮਲੋਟ ਅਤੇ 2 ਸਬ ਡਵੀਜਨ ਗਿੱਦੜਬਾਹਾ ਵਿਖੇ ਬੈਂਚ ਲਗਾਏ ਗਏ।

ਲੋਕ ਅਦਾਲਤ ਵਿਚ ਲੈਂਡ ਕੇਸ, ਵਾਟਰ ਸਪਲਾਈ ਸਿਵਰੇਜ, ਲੈਂਡ ਐਜੂਕੇਸ਼ਨ, ਮੋਟਰ ਐਕਸੀਡੈਂਟ, ਪਰਿਵਾਰਕ ਝਗੜੇ, ਟਰੈਫਿਕ ਚਲਾਨ, ਪ੍ਰੀ-ਲੀਟੀਗੇਟਿਵ ਬੈਂਕ ਕੇਸ, ਬਿਜਲੀ ਚੋਰੀ ਦੇ ਕੇਸ, ਸਿਵਲ ਸੂਟ, 138 ਐਨ.ਆਈ. ਐਕਟ ਅਤੇ ਕੈਂਸਲੇਸ਼ਨ, ਐਫ.ਆਈ.ਆਰ. ਆਦਿ ਕੇਸਾਂ ਦੀ ਸੁਣਵਾਈ ਕੀਤੀ ਗਈ।

ਜਿਸ ਦੀ ਕ੍ਰਮਵਾਰ ਸ੍ਰੀ ਗੁਰਨਾਮ ਸਿੰਘ, ਚੇਅਰਮੈਨ, ਜਨ-ਉਪਯੋਗੀ ਸੇਵਾਵਾਂ, ਅਮੀਤਾ ਸਿੰਘ, ਵਧੀਕ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ, ਗਿਰੀਸ਼, ਪ੍ਰਿੰਸੀਪਲ ਜੱਜ, ਫੈਮਲੀ ਕੋਰਟ, ਅਮਰੀਸ਼ ਕੁਮਾਰ ਸਿਵਲ ਜੱਜ (ਸੀਨੀਅਰ ਡਵੀਜਨ), ਨੀਰਜ ਕੁਮਾਰ ਸਿੰਗਲਾ, ਚੀਫ ਜੂਡੀਸ਼ੀਅਲ ਮੈਜਿਸਟਰੈਟ; ਮਹੇਸ਼ ਕੁਮਾਰ, ਵਧੀਕ ਸਿਵਲ ਜੱਜ (ਸੀ.ਡਵੀ.); ਗੁਰਪ੍ਰੀਤ ਕੌਰ, ਜੁਡੀਸ਼ੀਅਲ ਮੈਜਿਸਟ੍ਰੇ ਦਰਜਾ ਪਹਿਲਾ, ਦਿਲਸਾਦ, ਸਿਵਲ ਜੱਜ (ਜੂਨੀਅਰ ਡਵੀਜਨ), ਸਮੁੱਖੀ ਵਧੀਕ ਸਿਵਲ ਜੱਜ, (ਸੀ.ਡੀ.),ਅੰਸ਼ੂਮਨ ਸਿਆਗ, ਸਿਵਲ ਜੱਜ (ਜੂਨੀਅਰ ਡਵੀਜਨ), ਮਲੋਟ: ਅਤੇ ਹਿਮਾਸ਼ੂ ਅਰੋੜਾ, ਵਧੀਕ ਸਿਵਲ ਜੱਜ, (ਸੀ.ਡੀ.), ਮਿਸ: ਏਕਤਾ, ਜੁਡੀਸ਼ੀਅਲ ਮੈਜਿਸਟ੍ਰੇ ਦਰਜਾ ਪਹਿਲਾ, ਗਿੱਦੜਬਾਹਾ ਆਦਿ ਬੈਂਚ ਲਗਾਏ ਗਏ। ਇਸ ਤੋ ਇਲਾਵਾ ਨਵ-ਨਿਯੁਕਤ ਜੂਡੀਅਸ਼ਲ ਅਫਸਰਾਂ ਵਲੋਂ ਵੀ ਭਾਗ ਲਿਆ ਗਿਆ।

ਇਸ ਲੋਕ ਅਦਾਲਤ ਵਿਚ ਵੱਖ-ਵੱਖ ਬੈਂਚਾਂ ਨਾਲ ਵਕੀਲ ਸਾਹਿਬਾਨ ਅਤੇ ਸ਼ੋਸ਼ਲ ਵਰਕਰ ਵੀ ਲਗਾਏ ਗਏ ਸਨ। ਜਿਸ ਵਿਚ ਮਾਨਯੋਗ ਅਦਾਲਤਾਂ ਵਲੋਂ ਕੇਸਾਂ ਦੀ ਸੁਣਵਾਈ ਕਰਦੇ ਹੋਏ ਅੱਜ ਦੀ ਲੋਕ ਅਦਾਲਤ ਵਿਚ ਕੁੱਲ 27215 ਕੇਸ ਰੱਖੇ ਗਏ ਜਿਨ੍ਹਾਂ ਵਿਚੋਂ ਕੁੱਲ 26998 ਕੇਸਾਂ ਦਾ ਨਿਪਟਾਰਾ ਕੀਤਾ ਗਿਆ।

# ਖੇਡਾਂ ਵਤਨ ਪੰਜਾਬ ਦੀਆਂ 2024: ਜ਼ਿਲ੍ਹਾ ਪੱਧਰੀ ਖੇਡਾਂ ਦੇ ਨਹਿਰੂ ਸਟੇਡੀਅਮ ਵਿਚ ਲਗਾਤਾਰ ਚੌਥੇ ਦਿਨ ਜਾਰੀ








ਫ਼ਰੀਦਕੋਟ 15 ਸਤੰਬਰ (ਗਿਆਨ ਸਿੰਘ): ਪੰਜਾਬ ਸਰਕਾਰ ਖੇਡਾਂ ਅਤੇ ਯੁਵਕ ਸੇਵਾਵਾਂ ਵਿਭਾਗ ਵਲੋ ਜਿਲ੍ਹਾ ਪ੍ਰਸ਼ਾਸਨ ਫਰੀਦਕੋਟ ਦੇ ਸਹਿਯੋਗ ਦੇ ਖੇਡਾਂ ਵਤਨ ਪੰਜਾਬ ਦੀਆਂ 2024 ਸੀਜਨ-3 ਅਧੀਨ ਜਿਲ੍ਹਾ ਪੱਧਰੀ ਖੇਡਾਂ -2024 (ਲੜਕੇ ਅਤੇ ਲੜਕੀਆਂ) ਵੱਖ-ਵੱਖ ਖੇਡਾਂ ਵਿੱਚ ਫਰੀਦਕੋਟ ਦੇ ਨਹਿਰੂ ਸਟੇਡੀਅਮ ਵਿਖੇ ਪਿਛਲੇ ਤਿੰਨ ਦਿਨਾ ਤੋ ਕਰਵਾਈਆ ਜਾ ਰਹੀਆਂ ਹਨਜੋਅੱਜਚੌਥੇਦਿਨਵੀਜਾਰੀਰਹੀਆਂ। ਇਨ੍ਹਾ ਖੇਡਾਂ ਵਿੱਚ ਲੜਕੇ-ਲੜਕੀਆਂਦੇਵੱਖ-ਵੱਖ ਉਮਰ ਵਰਗਾਂ ਦੇ ਖੇਡ ਮੁਕਾਬਲੇ ਕਰਵਾਏ ਜਾ ਰਹੇ ਹਨ।

ਇਸ ਮੌਕੇ ਬਲਜਿੰਦਰ ਸਿੰਘ ਜਿਲ੍ਹਾ ਖੇਡ ਅਫਸਰ ਫਰੀਦਕੋਟ ਨੇ ਦੱਸਿਆ ਇਹ ਖੇਡਾਂ ਨਹਿਰੂ ਸਟੇਡੀਅਮ ਫਰੀਦਕੋਟ, ਸਰਕਾਰੀ ਬਲਵੀਰ ਸਕੂਲ ਫਰੀਦਕੋਟਅਤੇ ਸਰਕਾਰੀ ਬ੍ਰਿਜਿੰਦਰਾ ਕਾਲਜ ਫਰੀਦਕੋਟ ਵਿਖੇ ਕਰਵਾਈਆ ਜਾਂ ਰਹੀਆਂ ਹਨ ਅਤੇ ਚੈਸ ਗੇਮ ਦੀਆਂ ਖੇਡਾਂ ਡਰੀਮਲੈਂਡ ਪਬਲਿਕ ਸਕੂਲ ਕੋਟਕਪੂਰਾ ਵਿਖੇ ਕਰਵਾਈ ਜਾ ਰਹੀ ਹੈ। ਇਨ੍ਹਾਂ ਖੇਡਾਂ ਵਿੱਚ ਅਥਲੈਟਿਕਸ, ਫੁੱਟਬਾਲ, ਖੋਹ-ਖੋਹ, ਕਬੱਡੀ (ਨੈਸ਼), ਕਬੱਡੀ (ਸਰਕਲ), ਵਾਲੀਬਾਲ (ਸਮੈਸ਼ਿੰਗ), ਵਾਲੀਬਾਲ (ਸ਼ੂਟਿੰਗ), ਹੈਂਡਬਾਲ, ਜੂਡੋ, ਗੱਤਕਾ, ਕਿੱਕਬਾਕਸਿੰਗ, ਹਾਕੀ, ਬੈਡਮਿੰਟਨ, ਬਾਸਕਿਟਬਾਲ, ਰੈਸਲਿੰਗ, ਟੇਬਲ ਟੈਨਿਸ, ਚੈੱਸ, ਵੈਟਲਿਫਟਿੰਗ ਅਤੇ ਪਾਵਰਲਿਫਟਿੰਗ ਦੇ ਖੇਡ ਮੁਕਾਬਲੇ ਕਰਵਾਏ ਜਾ ਰਹੇ ਹਨ। ਇਹ ਖੇਡ ਮੁਕਾਬਲੇ ਮਿਤੀ 16 ਸਤੰਬਰ 2024 ਤੱਕ ਜਾਰੀ ਰਹਿਣਗੇਅਤੇਤੈਰਾਕੀਖੇਡਦੇਮੁਕਾਬਲੇਵਿਭਾਗਦੀਆਂਹਦਾਇਤਾਂਅਨੁਸਾਰਮਿਤੀ 28 ਅਤੇ 29 ਸਤੰਬਰ 2024 ਨੂੰਤੈਰਾਕੀਪੂਲਸਰਕਾਰੀਬ੍ਰਿਜਿੰਦਰਾਕਾਲਜਫਰੀਦਕੋਟਵਿਖੇਕਰਵਾਏਜਾਣਗੇ।

ਅੱਜ ਹੋਈਆਂ ਖੇਡਾਂ ਦੇ ਮੁਕਾਬਲਿਆ ਵਿੱਚ ਖੋਹ-ਖੋਹ ਅੰ:14 (ਲੜਕਿਆ) ਵਿੱਚ ਸ.ਹ.ਸ ਢੀਮਾਂਵਾਲੀ ਨੇ ਪਹਿਲਾ ਸਥਾਨ, ਜੀ.ਟੀ.ਬੀ ਮਹਿਮੂਆਣਾ ਦੀ ਟੀਮ ਨੇ ਦੂਜਾ ਸਥਾਨ, ਸੰਧਵਾ ਦੀ ਟੀਮ ਨੇ ਤੀਜਾ ਸਥਾਨ ਹਾਸਿਲ ਕੀਤਾ। ਅੰ:14 (ਲੜਕੀਆਂ) ਵਿੱਚ ਸ.ਹ.ਸ ਢੀਮਾਂਵਾਲੀ ਦੀ ਟੀਮ ਨੇ ਪਹਿਲਾ ਸਥਾਨ, ਜੀ.ਟੀ.ਬੀ ਮਹਿਮੂਆਣਾ ਦੀ ਟੀਮ ਨੇ ਦੂਜਾ ਸਥਾਨ, ਢੁੱਡੀ ਦੀ ਟੀਮ ਨੇ ਤੀਜਾ ਸਥਾਨ ਹਾਸਿਲ ਕੀਤਾ। ਅੰ:17 (ਲੜਕਿਆ) ਵਿੱਚ ਅਜਿੱਤ ਗਿੱਲ ਦੀ ਟੀਮ ਨੇ ਪਹਿਲਾ ਸਥਾਨ, ਸ੍ਰੀ ਹਰਕ੍ਰਿਸ਼ਨ ਸਕੂਲ ਗੋਲੇਵਾਲਾ ਦੀ ਟੀਮ ਨੇ ਦੂਜਾ ਸਥਾਨ, ਸੰਧਵਾ ਦੀ ਟੀਮ ਨੇ ਤੀਜਾ ਸਥਾਨ ਹਾਸਿਲ ਕੀਤਾ। ਅੰ:17 (ਲੜਕੀਆਂ) ਵਿੱਚ ਸ੍ਰੀ ਹਰਕ੍ਰਿਸ਼ਨ ਸਕੂਲ ਗੋਲੇਵਾਲਾ ਦੀ ਟੀਮ ਨੇ ਪਹਿਲਾ ਸਥਾਨ, ਜੀ.ਟੀ.ਬੀ ਮਹਿਮੂਆਣਾ ਦੀ ਟੀਮ ਨੇ ਦੂਜਾ ਸਥਾਨ, ਦਲ ਸਿੰਘ ਵਾਲਾ ਦੀ ਟੀਮ ਨੇ ਤੀਜਾ ਸਥਾਨ ਹਾਸਿਲ ਕੀਤਾ। ਟੈਬਲ ਟੈਨਿਸ ਅੰ:14 (ਲ਼ੜਕਿਆਂ) ਵਿੱਚ ਵਿਸ਼ਾਲ ਸਿੰਘ ਨੇ ਪਹਿਲਾ ਸਥਾਨ, ਰਾਜਵੀਰ ਨੇ ਦੂਜਾ ਸਥਾਨ ਅਤੇ ਦਲਜੀਤ ਸਿੰਘ ਨੇ ਤੀਜਾ ਸਥਾਨ ਹਾਸਿਲ ਕੀਤਾ। ਅੰ: 17 (ਲੜਕਿਆ) ਵਿੱਚ ਕਰਨਵੀਰ ਸ਼ਰਮਾ ਨੇ ਪਹਿਲਾ ਸਥਾਨ, ਮਨਿੰਦਰ ਸਿੰਘ ਦੂਜਾ ਸਥਾਨ ਅਤੇ ਅਭਿਨਵ ਜੋਸੀ ਨੇ ਤੀਜਾ ਸਥਾਨ ਹਾਸਿਲ ਕੀਤਾ। ਅੰ:21 (ਲੜਕਿਆ) ਵਿੱਚ ਪ੍ਰਭਸਰਨ ਸਿੰਘ ਨੇ ਪਹਿਲਾ ਸਥਾਨ, ਰਾਜਵੰਸ਼ ਨੇ ਦੂਜਾ ਸਥਾਨ ਅਤੇ ਮੋਹਿਤ ਕੁਮਾਰ ਨੇ ਤੀਜਾ ਸਥਾਨ ਹਾਸਿਲ ਕੀਤਾ। ਟੈਬਲ ਟੈਨਿਸ ਅੰ:14 (ਲੜਕੀਆ) ਵਿੱਚ ਰਮਨਦੀਪ ਕੌਰ ਨੇ ਪਹਿਲਾ ਸਥਾਨ, ਸੰਦੀਪ ਕੌਰ ਨੇ ਦੂਜਾ ਸਥਾਨ ਅਤੇ ਨਵਨੀਤ ਕੌਰ ਨੇ ਤੀਜਾ ਸਥਾਨ ਹਾਸਿਲ ਕੀਤਾ। ਅੰ:17 (ਲੜਕੀਆ) ਵਿੱਚ ਅਗਰੀਆ ਅਗਰਵਾਲ ਨੇ ਪਹਿਲਾ ਸਥਾਨ, ਅਗਮਜੋਤ ਕੌਰ ਨੇ ਦੂਜਾ ਸਥਾਨ ਅਤੇ ਮਿਤਾਲੀ ਨੇ ਤੀਜਾ ਸਥਾਨ ਹਾਸਿਲ ਕੀਤਾ। ਅੰ:31-40 (ਲੜਕੀਆਂ) ਵਿੱਚ ਸ਼ਮਨਦੀਪ ਕੌਰ ਨੇ ਪਹਿਲਾ ਸਥਾਨ, ਲਖਵਿੰਦਰ ਕੌਰ ਨੇ ਦੂਜਾ ਅਤੇ ਰਾਜਵੀਰ ਕੌਰ ਨੇ ਤੀਜਾ ਸਥਾਨ ਹਾਸਿਲ ਕੀਤਾ।ਹੈਂਡਬਾਲ ਖੇਡ ਅੰ:14 (ਲੜਕੀਆਂ) ਵਿੱਚ ਹੈਂਡਬਾਲ ਕੋਚਿੰਗ ਸੈਂਟਰ ਨਹਿਰੂ ਸਟੇਡੀਅਮ ਫਰੀਦਕੋਟ ਦੀ ਟੀਮ ਨੇ ਪਹਿਲਾ ਅਤੇ ਦੂਜਾ ਸਥਾਨ, ਹੈਂਡਬਾਲ ਕੋਚਿੰਗ ਸੈਂਟਰ ਨਹਿਰੂ ਸਟੇਡੀਅਮ ਫਰੀਦਕੋਟ ਦੀ ਟੀਮ ਅਤੇ ਡਿਵਾਇਨ ਪਬਲਿਕ ਸਕੂਲ, ਸਾਦਿਕ ਦੀ ਟੀਮ ਨੇ ਤੀਜਾ ਸਥਾਨ ਹਾਸਿਲ ਕੀਤਾ। ਅੰ:17 (ਲੜਕੀਆ) ਹੈਂਡਬਾਲ ਕੋਚਿੰਗ ਸੈਂਟਰ ਨਹਿਰੂ ਸਟੇਡੀਅਮ ਫਰੀਦਕੋਟ ਦੀ ਟੀਮ ਨੇ ਪਹਿਲਾ ਅਤੇ ਦੂਜਾ ਸਥਾਨ, ਡਿਵ-ਾਇਨ ਪਬਲਿਕ ਸਕੂਲ, ਸਾਦਿਕ ਦੀ ਟੀਮ ਅਤੇ ਵਿਵੇਕ ਪਬਲਿਕ ਸਕੂਲ ਲੰਬਵਾਲੀ ਦੀ ਟੀਮ ਨੇ ਤੀਜਾ ਸਥਾਨ ਹਾਸਿਲ ਕੀਤਾ। ਅੰ:14 (ਲੜਕਿਆ) ਵਿੱਚੋ ਸ.ਹ.ਸ.ਚੈਨਾ ਜੈਤੋ ਦੀ ਟੀਮ ਨੇ ਪਹਿਲਾ ਸਥਾਨ, ਹੈਂਡਬਾਲ ਕੋਚਿੰਗ ਸੈਂਟਰ ਨਹਿਰੂ ਸਟੇਡੀਅਮ ਫਰੀਦਕੋਟ ਦੀ ਟੀਮ ਨੇ ਦੂਜਾ ਸਥਾਨ, ਹੈਂਡਬਾਲ ਕੋਚਿੰਗ ਸੈਂਟਰ ਨਹਿਰੂ ਸਟੇਡੀਅਮ ਫਰੀਦਕੋਟ ਦੀ ਟੀਮ ਅਤੇ ਹੈਂਡਬਾਲ ਕੋਚਿੰਗ ਸੈਂਟਰ ਕੰ-ਮਆਣਾ ਨੇ ਤੀਜਾ ਸਥਾਨ ਹਾਸਿਲ ਕੀਤਾ। ਅੰ:17 (ਲੜਕਿਆ) ਵਿੱਚ ਹੈਂਡਬਾਲ ਕੋਚਿੰਗ ਸੈਂਟਰ ਨਹਿਰੂ ਸਟੇਡੀਅਮ ਫਰੀਦਕੋਟ ਨੇ ਪਹਿਲਾ ਸਥਾਨ, ਸ.ਹ.ਸ ਚੈਨਾ ਜੈਤੋ ਦੀ ਟੀਮ ਨੇ ਦੂਜਾ ਸਥਾਨ, ਹੈਂਡਬਾਲ ਕੋਚਿੰਗ ਸੈਂਟਰ ਨਹਿਰੂ ਸਟੇਡੀਅਮ ਫਰੀਦਕੋਟ ਅਤੇ ਬੈਸਟ ਪੁਆਇੰਟ ਸਕੂਲ ਸੰਧਵਾਂ ਦੀ ਟੀਮ ਨੇ ਤੀਜਾ ਸਥਾਨ ਹਾਸਿਲ ਕੀਤਾ।ਇਸ ਮੌਕੇ ਦਫਤਰ ਦੇ ਸਮੂਹ ਕੋਚਿਜ, ਦਫਤਰੀ ਸਟਾਫ, ਸਿੱਖਿਆ ਵਿਭਾਗ ਤੋ ਆਏ ਵੱਖ-ਵੱਖ ਸਕੂਲਾ ਦੇ ਡੀ.ਪੀ.ਈ/ਪੀ.ਟੀ.ਆਈ ਟੀਚਰ ਸਾਹਿਬਾਨ ਅਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

PURBA APPRAISALS INC.

## WE PROVIDE RESIDENTIAL REAL ESTATE APPRAISAL SERVICES FOR:



- Mortgage Financing
- Tax/Capital Gain
- Divorce/Separation of Assets
- Litigation Support
- Pre-listing Appraisals

Gurpreet Purba
Broker, CRA

416-669-1423
www.purbahomes.com

The Mortgage Centre
We work for *you*, not the lenders.




Debt Consolidation | Renovations & Repairs | Avoiding High penalities

No Credit or becon score check.
No income verifiaction.
Interest payments only.
Pay off high interest debts.
75%-80% LTV.

Must have home equity.....

if you are looking for independent mortgage or protection advice....
We're here to help.
* Competitive rates
* Flexible terms
* Fast approval process

For more information call:

Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
-4040 Steeles Avenue West Unit#5 Woodbridge, ON, L4L 4Y5

Rexdale Financial Services

Urgently Need New Listings in Brampton/Caledon
visit: www.teamjagaujla.com



Call JAG AUJLA
MCNE, REAL ESTATE BROKER
DIR: 416-371-7777
j.aujla@rogers.com
www.jagaujla.com

CALL JAG FOR A QUICK & FREE HOME EVALUATION
www.BramptonTopRealtor.com www.BramptonTopAgent.com

URGENTLY NEED NEW LISTINGS IN THIS AREA
RECENTLY LISTED/SOLD IN YOUR NEIGHBOURHOOD BY JAG AUJLA

LISTED IN *BRAMPTON*
TORBRAM/ FATHER TOBIN/MOUNTAINASH



1500–2000 sq.ft.
Front Brick and Stone
3+1 ਬੈਡਰੂਮ + 3 ਵਾਸ਼ਰੂਮ, ਫਰੀਹੋਲਡ ਟਾਊਨ ਹਾਊਸ, ਓਕ ਸਟੇਅਰਕੇਸ, ਹਾਰਡਵੁੱਡ ਅਤੇ ਸੀਰਾਮਿਕ ਫਲੋਰ, ਸ਼ਾਨਦਾਰ ਕਿਚਨ ਮਾਸਟਰ ਬੈਡਰੂਮ ਵਿਚ 5 ਪੀਸ ਇਨਸੂਇਟ ਅਤੇ ਵਾਕ ਇਨ ਕਲੋਜ਼ਿਟ, ਨਿਊਂ ਅਪਲਾਂਇਸਿਸ

LISTED IN *BRAMPTON*
BRAMALEA/ SANDALWOOD/DEWSIDE



2000–2500 sq.ft. ਟਾਊਨ ਹਾਊਸ
4+1 ਬੈਡਰੂਮ + 3 ਵਾਸ਼ਰੂਮ
ਫਰੀਹੋਲਡ ਟਾਊਨ ਹਾਊਸ
Partially ਫਿਨੀਸ਼ਡ ਬੇਸਮੇਂਟ ਵਿੱਚ ਵਾਇਨਲ ਫਲੋਰ।
Master ਬੈਡਰੂਮ ਵਿੱਚ 5 ਪੀਸ ਇਨਸੂਇਟ ਅਤੇ His & Her ਕਲੋਜ਼ਿਟ, Laundary ਮੇਨ ਫਲੋਰ ਤੇ। ਅੱਪਗਰੇਡਿੱਡ Lights.
ਸਹੂਲਤਾਂ ਦੇ ਬਹੁਤ ਨੇੜੇ।

LISTED IN *MISSISSAUGA*
BURNHAMTHORPE/CONFEDERATION



900–999 sq.ft. ਲੇਕ ਵਿਊ
2 ਬੈਡਰੂਮ + 1 ਵਾਸ਼ਰੂਮ
ਵੱਡੀਆਂ ਕੀਚਨ ਕੈਬਨਿਟ, ਨਵਾਂ ਪੇਂਟ, ਨਵੇਂ ਲੈਂਮੀਨੇਟ ਫਲੋਰ, ਬਹੁਤ ਖੁਲੀ ਬਾਲਕੋਨੀ, 2 ਪਾਰਕਿੰਗ (ਲਿਫਟ ਦੇ ਬਿਲੱਕੁਲ ਨੇੜੇ), ਸਾਰੀਆਂ ਸਹੂਲਤਾਂ ਦੇ ਕੋਲ- Square One + Celebration Square, Grand Park Plaza, Sheridan College Campus.

LISTED IN *CAMBRIDGE*
SPEEDSVILLE RD/ EQUESTRAIN WAY/MAPLE GROVE



1500–2000 sq.ft. ਟਾਊਨ ਹਾਊਸ
4 ਬੈਡਰੂਮ + 3 ਵਾਸ਼ਰੂਮ
ਫਰੀਹੋਲਡ ਟਾਊਨ ਹਾਊਸ
Upgraded ਕੀਚਨ,
Stainless Steel Appliacnes
ਬੈਡਰੂਮ ਵਿੱਚ 4 ਪੀਸ ਇਨਸੂਇਟ ਅਤੇ Walk-in ਕਲੋਜ਼ਿਟ, Laundary ਮੇਨ ਫਲੋਰ ਤੇ। ਅੱਪਗਰੇਡਿੱਡ Lights.
ਸਹੂਲਤਾਂ ਦੇ ਬਹੁਤ ਨੇੜੇ।

FREE

- Full MLS Services
- Consistently Marketing Your Property Until SOLD
- Competitive Rates, Exceptional Service & Award Winning Results
- Staging Consultation
- Billboard, Flyer, Newspaper
- Online Promotion
- Professional Pictures and Virtual Tour
- Social media & Radio Advertisement
- Open House Until Sold

RE/MAX Realty Specialists Inc. Brokerage (Independently Owned and Operated)
Off: 905-456-3232
*(Based on units sold & commissions)** *Some Conditions Apply.
*Seller* & Jag Aujla Broker of Remax Realty Specialist Inc. must agree on the terms & conditions, closing date and listing price at the time of listing. Guaranteed Program only for Peel Region Homes Under $1 Million Price

Call JAG AUJLA DIR: 416-371-7777
MCNE, REAL ESTATE BROKER
NOT INTENDED TO SOLICIT BUYERS OR SELLER CURRENTLY UNDER CONTRACT
SEPTEMBER 2022